ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

# ਸਾਂਝੀ ਸੋਚ

SANJHI SOCH HD

ਸਾਂਝੀ ਸੋਚ

ਰੋਜ਼ਾਨਾ ਪੰਜਾਬੀ ਅਖ਼ਬਾਰ

ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-13 ISSUE 2568 | 28 August, 2026 Friday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ਼ ਦੁਨੀਆਂ | +1 (209) 303-1260


## ਕਾਨਪੁਰ 'ਚ ਟ੍ਰੇਨਿੰਗ ਏਅਰਕ੍ਰਾਫਟ ਕਰੈਸ਼, ਪਾਇਲਟ ਅਤੇ ਕੋ-ਪਾਇਲਟ ਦੀ ਮੌਤ, ਗੰਗਾ ਬੈਰਾਜ ਨੇੜੇ ਵਾਪਰਿਆ ਹਾਦਸਾ

ਕਾਨਪੁਰ
ਸਾਂਝੀ ਸੋਚ ਬਿਊਰੋ

ਉੱਤਰ ਪ੍ਰਦੇਸ਼ ਦੇ ਕਾਨਪੁਰ 'ਚ ਵੀਰਵਾਰ ਨੂੰ ਇੱਕ ਟ੍ਰੇਨਿੰਗ ਏਅਰਕ੍ਰਾਫਟ ਕਰੈਸ਼ ਹੋ ਗਿਆ। ਇਸ ਹਾਦਸੇ ਵਿੱਚ ਟ੍ਰੇਨਿੰਗ ਏਅਰਕ੍ਰਾਫਟ ਵਿੱਚ ਸਵਾਰ ਪਾਇਲਟ ਅਤੇ ਕੋ-ਪਾਇਲਟ ਦੀ ਮੌਤ ਹੋ ਗਈ ਹੈ। ਰੈਸਕਿਊ ਟੀਮਾਂ ਮੌਕੇ 'ਤੇ ਰਾਹਤ ਅਤੇ ਬਚਾਅ ਕਾਰਜਾਂ ਵਿੱਚ ਜੁਟੀਆਂ ਹੋਈਆਂ ਹਨ। ਜਹਾਜ਼ ਕਰੈਸ਼ ਦੀ ਇਹ ਘਟਨਾ ਕਾਨਪੁਰ ਦੇ ਗੰਗਾ ਬੈਰਾਜ ਨੇੜੇ ਵਾਪਰੀ।ਜਾਣਕਾਰੀ ਮੁਤਾਬਕ ਹਾਦਸੇ ਦਾ ਸ਼ਿਕਾਰ ਹੋਇਆ ਟ੍ਰੇਨਿੰਗ ਏਅਰਕ੍ਰਾਫਟ ਗਰਗ ਐਵੀਏਸ਼ਨ ਦਾ ਸੀ। ਵੀਰਵਾਰ ਨੂੰ ਗੰਗਾ ਬੈਰਾਜ ਨੇੜੇ ਇਹ ਜਹਾਜ਼ ਹਾਦਸੇ ਦਾ ਸ਼ਿਕਾਰ ਹੋ ਗਿਆ। ਕਾਨਪੁਰ ਦੇ ਨੱਥਾ ਖੇੜਾ ਇਲਾਕੇ ਵਿੱਚ ਗੰਗਾ ਬੈਰਾਜ ਨੇੜੇ ਟ੍ਰੇਨਿੰਗ ਜਹਾਜ਼ ਕਰੈਸ਼ ਹੋਣ ਦੀ ਸੂਚਨਾ ਸਥਾਨਕ ਲੋਕਾਂ ਨੇ ਫਾਇਰ ਬ੍ਰਿਗੇਡ ਨੂੰ ਦਿੱਤੀ। ਹਾਦਸੇ ਦੀ ਸੂਚਨਾ ਮਿਲਦੇ ਹੀ ਕਾਨਪੁਰ ਦੇ ਚੀਫ ਫਾਇਰ ਅਫਸਰ ਵੀ ਮੌਕੇ 'ਤੇ ਪਹੁੰਚ ਗਏ।ਫਾਇਰ ਬ੍ਰਿਗੇਡ ਦੀ ਟੀਮ ਦੇ ਨਾਲ ਐਮਰਜੈਂਸੀ ਸਰਵਿਸ ਕਾਨਪੁਰ ਨਗਰ ਦੀਆਂ ਟੀਮਾਂ ਵੀ ਮੌਕੇ 'ਤੇ ਪਹੁੰਚ ਗਈਆਂ ਅਤੇ ਤੁਰੰਤ ਰੈਸਕਿਊ ਆਪਰੇਸ਼ਨ ਸ਼ੁਰੂ ਕਰ ਦਿੱਤਾ। ਕਰੈਸ਼ ਹੋਏ ਏਅਰਕ੍ਰਾਫਟ ਦੇ ਮਲਬੇ ਵਿੱਚੋਂ ਦੋ ਲੋਕਾਂ ਨੂੰ ਗੰਭੀਰ ਹਾਲਤ ਵਿੱਚ ਬਾਹਰ ਕੱਢਿਆ ਗਿਆ। ਦੋਵਾਂ ਨੂੰ ਇਲਾਜ ਲਈ ਨਜ਼ਦੀਕੀ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ।ਇਸ ਹਾਦਸੇ ਵਿੱਚ ਜਾਨ ਗੁਆਉਣ ਵਾਲੇ ਦੋਵੇਂ ਵਿਅਕਤੀ ਟ੍ਰੇਨਿੰਗ ਏਅਰਕ੍ਰਾਫਟ ਵਿੱਚ ਸਵਾਰ ਪਾਇਲਟ ਅਤੇ ਕੋ-ਪਾਇਲਟ ਦੱਸੇ ਜਾ ਰਹੇ ਹਨ। ਦੱਸਿਆ ਜਾਂਦਾ ਹੈ ਕਿ ਗਰਗ



ਐਵੀਏਸ਼ਨ ਦਾ ਇਹ ਟ੍ਰੇਨਿੰਗ ਏਅਰਕ੍ਰਾਫਟ ਟ੍ਰੇਨਿੰਗ ਉਡਾਣ 'ਤੇ ਸੀ। ਇਸੇ ਦੌਰਾਨ ਨੱਥਾ ਖੇੜਾ ਇਲਾਕੇ ਵਿੱਚ ਇਹ ਹਾਦਸੇ ਦਾ ਸ਼ਿਕਾਰ ਹੋ ਗਿਆ। ਹਾਦਸੇ ਦੇ ਕਾਰਨਾਂ ਦਾ ਅਜੇ ਪਤਾ ਨਹੀਂ ਲੱਗ ਸਕਿਆ ਹੈ। ਰੈਸਕਿਊ ਟੀਮਾਂ ਮੌਕੇ 'ਤੇ ਮੌਜੂਦ ਹਨ।ਕਾਨਪੁਰ ਵਿੱਚ ਹੋਏ ਟ੍ਰੇਨਿੰਗ ਏਅਰਕ੍ਰਾਫਟ ਕਰੈਸ਼ ਦੀ ਜਾਂਚ ਏਅਰਕ੍ਰਾਫਟ ਐਕਸੀਡੈਂਟ ਇਨਵੈਸਟੀਗੇਸ਼ਨ ਬਿਊਰੋ ਕਰੇਗਾ ਅਤੇ ਇਹ ਪਤਾ ਲਗਾਇਆ ਜਾਵੇਗਾ ਕਿ ਹਾਦਸਾ ਕਿਨ੍ਹਾਂ ਕਾਰਨਾਂ ਕਰਕੇ ਵਾਪਰਿਆ। ਨਾਗਰਿਕ ਹਵਾਬਾਜ਼ੀ ਮਹਾਨਿਰਦੇਸ਼ਾਲੇ ਨੇ ਹਾਦਸੇ ਦੀ ਜਾਂਚ ਦੇ ਹੁਕਮ ਦੇ ਦਿੱਤੇ ਹਨ। ਧਘਛਅ ਦੇ ਤਿੰਨ ਅਧਿਕਾਰੀ ਹਾਦਸੇ ਵਾਲੀ ਥਾਂ ਲਈ ਰਵਾਨਾ ਹੋ ਗਏ ਹਨ। ਤਿੰਨ ਅਧਿਕਾਰੀਆਂ ਦੀ ਇਹ ਟੀਮ ਸਬੰਧਤ ਏਜੰਸੀਆਂ ਨਾਲ ਤਾਲਮੇਲ ਕਰਕੇ ਜਾਂਚ ਵਿੱਚ ਸਹਾਇਤਾ ਕਰੇਗੀ।

## ਪੰਜਾਬ ਸਰਕਾਰ ਦਾ ਵੱਡਾ ਐਕਸ਼ਨ! ਦਫ਼ਤਰਾਂ 'ਚ ਗ਼ੈਰਹਾਜ਼ਰ ਰਹਿਣ ਵਾਲੇ ਕਰਮਚਾਰੀਆਂ ਦੀ ਮੰਗੀ ਲਿਸਟ, ਸਖ਼ਤ ਹੁਕਮ ਜਾਰੀ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਵਿੱਚ ਮਹਾ ਹੜਤਾਲ ਕਰਨ ਵਾਲੇ ਕਰਮਚਾਰੀਆਂ ਵਿਰੁੱਧ ਆਮ ਆਦਮੀ ਪਾਰਟੀ ਸਖ਼ਤ ਕਾਰਵਾਈ ਕਰਨ ਦੀ ਤਿਆਰੀ ਵਿੱਚ ਹੈ। ਸਰਕਾਰ ਨੇ ਬਿਨਾਂ ਇਜਾਜ਼ਤ ਡਿਊਟੀ ਤੋਂ ਗੈਰਹਾਜ਼ਰ ਕਰਮਚਾਰੀਆਂ ਦੀ ਲਿਸਟ ਤਲਬ ਕੀਤੀ ਹੈ। ਇਸਦੇ ਲਈ ਸਕੱਤਰ ਪੱਧਰ ਦੇ ਅਧਿਕਾਰੀਆਂ ਨੂੰ ਅੱਜ ਦਾ ਹੀ ਸਮਾਂ ਦਿੱਤਾ ਗਿਆ ਹੈ। ਸਰਕਾਰ ਉਨ੍ਹਾਂ ਵਿਰੁੱਧ ਕਾਰਵਾਈ ਕਰੇਗੀ। ਸਰਕਾਰ ਦਾ ਤਰਕ ਹੈ ਕਿ ਉਨ੍ਹਾਂ ਦੀ ਅਣਗਹਿਲੀ ਕਾਰਨ ਜਨਤਾ ਨੂੰ ਅਸੁਵਿਧਾ ਹੋਈ ਹੈ। ਜਾਣਕਾਰੀ ਲਈ ਦੱਸ ਦੇਈਏ ਕਿ ਆਮ ਜਨਤਾ ਨੂੰ ਦਫ਼ਤਰਾਂ ਵਿੱਚ ਦਰਪੇਸ਼ ਮੁਸ਼ਕਿਲਾਂ ਅਤੇ ਸ਼ਿਕਾਇਤਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਪੰਜਾਬ ਸਰਕਾਰ ਨੇ ਡਿਊਟੀ ਤੋਂ ਅਣਅਧਿਕਾਰਤ ਤੌਰ 'ਤੇ ਗ਼ੈਰਹਾਜ਼ਰ ਰਹਿਣ ਵਾਲੇ ਕਰਮਚਾਰੀਆਂ ਅਤੇ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਜਾਰੀ ਕਰ ਦਿੱਤੇ ਹਨ।

ਪਰਸੋਨਲ ਪਾਲਿਸੀਆਂ-2 ਸ਼ਾਖਾ ਵੱਲੋਂ ਜਾਰੀ ਕੀਤੇ ਗਏ ਸਰਕਾਰੀ ਪੱਤਰ ਮੁਤਾਬਕ, ਸਰਕਾਰ ਦੇ ਧਿਆਨ ਵਿੱਚ ਇਹ ਗੱਲ ਲਿਆਉਂਦੀ ਗਈ ਸੀ ਕਿ ਆਮ ਜਨਤਾ ਦੇ ਵੱਖ-ਵੱਖ ਵਰਗਾਂ ਵੱਲੋਂ ਲਗਾਤਾਰ ਇਹ ਸ਼ਿਕਾਇਤਾਂ ਮਿਲ ਰਹੀਆਂ ਹਨ ਕਿ ਜਦੋਂ ਉਹ ਆਪਣੇ ਸਰਕਾਰੀ ਕੰਮਾਂ-ਕਾਰਾਂ ਲਈ ਦਫ਼ਤਰਾਂ ਵਿੱਚ ਪਹੁੰਚਦੇ ਹਨ, ਤਾਂ ਅਧਿਕਾਰੀ ਅਤੇ ਕਰਮਚਾਰੀ ਆਪਣੀਆਂ ਸੀਟਾਂ 'ਤੇ ਮੌਜੂਦ ਨਹੀਂ ਹੁੰਦੇ। ਇਸ ਲਾਪਰਵਾਹੀ ਕਾਰਨ ਆਮ ਲੋਕਾਂ ਨੂੰ ਆਪਣੇ ਰੋਜ਼ਾਨਾ ਦੇ ਕੰਮਾਂ ਲਈ ਭਾਰੀ ਖੱਜਲ-ਖੁਆਰੀ ਅਤੇ ਅਸੁਵਿਧਾ ਦਾ ਸਾਹਮਣਾ ਕਰਨਾ ਪੈਂਦਾ ਹੈ।ਇਸ ਸਮੱਸਿਆ ਦਾ ਸਖ਼ਤ ਨੋਟਿਸ ਲੈਂਦਿਆਂ ਸਰਕਾਰ ਨੇ ਸੂਬੇ ਦੇ ਸਾਰੇ ਵਿਸ਼ੇਸ਼ ਮੁੱਖ ਸਕੱਤਰਾਂ, ਵਧੀਕ ਮੁੱਖ ਸਕੱਤਰਾਂ, ਵਿੱਤੀ ਕਮਿਸ਼ਨਰਾਂ, ਪ੍ਰਮੁੱਖ ਸਕੱਤਰਾਂ ਅਤੇ ਪ੍ਰਸ਼ਾਸਨਿਕ ਸਕੱਤਰਾਂ ਨੂੰ ਤੁਰੰਤ ਪ੍ਰਭਾਵ ਨਾਲ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਹਨ। ਹੁਕਮਾਂ ਵਿੱਚ ਸਪੱਸ਼ਟ ਕੀਤਾ ਗਿਆ ਹੈ ਕਿ ਸਾਰੇ ਵਿਭਾਗ ਆਪਣੇ-ਆਪਣੇ ਅਧੀਨ ਆਉਂਦੇ ਦਫ਼ਤਰਾਂ ਦੀ ਅਚਨਚੇਤ ਜਾਂ ਨਿਯਮਤ ਚੈਕਿੰਗ ਕਰਨ।


Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor® CalDRE # 02115235
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Space availabe for Ad
Contact #
+1 (209) 303-1260

Law Offices of Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Ph: (414) 551-0530
Simranveer Singh
Realtor
The JRP Group
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com www.thepalfilms.com

# JRP REALTY GROUP

A TRADITION OF REAL ESTATE EXCELLENCE

## SERVING CALIFORNIA FOR COMMERCIAL REAL ESTATE NEEDS

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS
Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



Apply online at www.lendingassets.com and check out the live lowest rates on our website


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
For more information call
Boota Singh Basi +1 (209) 303-1260

# ਨੀਟ ਪ੍ਰੋਟੈਸਟ ਸੀ ਜਾਂ ਨੀਚ ਪ੍ਰੋਟੈਸਟ...?




ਜੰਤਰ ਮੰਤਰ, ਦਿੱਲੀ ਦਾ ਉਹ ਇਤਿਹਾਸਕ ਸਥਾਨ ਜੋ ਕਈ ਵਾਰ ਵਿਦਿਆਰਥੀਆਂ ਅਤੇ ਆਮ ਲੋਕਾਂ ਦੀਆਂ ਜਾਇਜ਼ ਮੰਗਾਂ ਲਈ ਇੱਕ ਮੰਚ ਬਣਿਆ ਹੈ, ਇਸ ਵਾਰ ਇੱਕ ਬਿਲਕੁਲ ਵੱਖਰੀ ਤਸਵੀਰ ਪੇਸ਼ ਕਰ ਰਿਹਾ ਹੈ। ਪਿਛਲੇ ਮਹੀਨੇ ਵੀ ਇੱਥੇ ਹਜ਼ਾਰਾਂ ਵਿਦਿਆਰਥੀ ਅਤੇ ਉਨ੍ਹਾਂ ਦੇ ਸਮਰਥਕ ਇਕੱਠੇ ਹੋਏ ਸਨ, ਪਰ ਉਨ੍ਹਾਂ ਦੀਆਂ ਆਵਾਜ਼ਾਂ ਵਿੱਚ ਨੀਟ ਪ੍ਰੀਖਿਆ ਲੀਕ ਵਰਗੀ ਗੰਭੀਰ ਸਮੱਸਿਆ ਤੋਂ ਇਲਾਵਾ ਹੋਰ ਬਹੁਤ ਕੁਝ ਸ਼ਾਮਲ ਹੋ ਗਿਆ ਸੀ। ਜੋ ਸ਼ੁਰੂ ਵਿੱਚ ਵਿਦਿਆਰਥੀਆਂ ਦੀਆਂ ਪ੍ਰੀਖਿਆਵਾਂ ਵਿੱਚ ਧੋਖਾਧੜੀ ਅਤੇ ਅਨਿਯਮਿਤਾਵਾਂ ਵਿਰੁੱਧ ਇੱਕ ਸ਼ਾਂਤ ਅਤੇ ਉਦੇਸ਼ਮੁਖੀ ਅੰਦੋਲਨ ਵਜੋਂ ਸ਼ੁਰੂ ਹੋਇਆ ਸੀ, ਉਹ ਹੁਣ ਇੱਕ ਅਜਿਹਾ ਰੂਪ ਧਾਰਨ ਕਰ ਚੁੱਕਾ ਸੀ ਜਿਸ ਵਿੱਚ ਹਿੰਦੂਵਾਦ ਨੂੰ ਬਦਨਾਮ ਕਰਨ ਵਾਲੀਆਂ ਗਤੀਵਿਧੀਆਂ, ਦੇਸ਼ ਵਿਰੋਧੀ ਨਾਰੇ ਅਤੇ ਰਾਜਨੀਤਿਕ ਪਾਰਟੀਆਂ ਦੀਆਂ ਖੇਡਾਂ ਸਪਸ਼ਟ ਤੌਰ ਤੇ ਨਜ਼ਰ ਆ ਰਹੀਆਂ ਸਨ। ਇਸ ਲਈ ਇਸ ਧਰਨੇ ਨੂੰ ਸਿਰਫ਼ "ਨੀਟ ਪ੍ਰੋਟੈਸਟ" ਕਹਿਣਾ ਇਸ ਦੀ ਅਸਲੀਅਤ ਨਾਲ ਇਨਸਾਫ਼ ਨਹੀਂ ਕਰਦਾ। ਇਸ ਨੂੰ "ਨੀਚ ਪ੍ਰੋਟੈਸਟ" ਕਿਹਾ ਜਾਣਾ ਵਧੇਰੇ ਉਚਿਤ ਹੈ, ਕਿਉਂਕਿ ਇਸ ਵਿੱਚ ਵਿਦਿਆਰਥੀਆਂ ਦੀਆਂ ਜਾਇਜ਼ ਮੰਗਾਂ ਨੂੰ ਪੂਰਾ ਕਰਨ ਲਈ ਘਟੀਆ, ਵਿਖੰਡਨਕਾਰੀ ਅਤੇ ਦੇਸ਼ ਵਿਰੋਧੀ ਤੱਤਾਂ ਨੂੰ ਮੌਕਾ ਦਿੱਤਾ ਗਿਆ ਹੈ।

ਜੂਨ 2026 ਤੋਂ ਚੱਲ ਰਿਹਾ ਇਹ ਅੰਦੋਲਨ ਸ਼ੁਰੂ ਵਿੱਚ ਨੀਟ-ਯੂਜੀ ਪ੍ਰੀਖਿਆ ਵਿੱਚ ਕਥਿਤ ਪੇਪਰ ਲੀਕ ਅਤੇ ਹੋਰ ਅਨਿਯਮਿਤਾਵਾਂ ਤੋਂ ਪ੍ਰਭਾਵਿਤ ਵਿਦਿਆਰਥੀਆਂ ਦੀਆਂ ਸਮੱਸਿਆਵਾਂ ਉੱਤੇ ਕੇਂਦਰਿਤ ਸੀ। ਵਿਦਿਆਰਥੀਆਂ ਨੇ ਇਸ ਗੱਲ ਉੱਤੇ ਗੁੱਸਾ ਜ਼ਾਹਰ ਕੀਤਾ ਕਿ ਉਨ੍ਹਾਂ ਦੇ ਭਵਿੱਖ ਨਾਲ ਖੇਡਿਆ ਗਿਆ ਹੈ ਅਤੇ ਸਰਕਾਰ ਤੋਂ ਜਵਾਬਦੇਹੀ ਮੰਗੀ। ਪਰ ਜਿਵੇਂ-ਜਿਵੇਂ ਹਫ਼ਤੇ ਬੀਤਦੇ ਗਏ ਅਤੇ ਖਾਸ ਕਰਕੇ ਜੁਲਾਈ ਮਹੀਨੇ ਵਿੱਚ, ਇਹ ਅੰਦੋਲਨ ਆਪਣੇ ਮੂਲ ਉਦੇਸ਼ ਤੋਂ ਭਟਕ ਗਿਆ। ਇਸ ਲਈ 20 ਜੁਲਾਈ ਨੂੰ "ਸੰਸਦ ਚਲੋ" ਮਾਰਚ ਦੌਰਾਨ ਪੁਲਿਸ ਨਾਲ ਟਕਰਾਅ ਹੋਇਆ, ਲਾਠੀਚਾਰਜ ਅਤੇ ਹੋਰ ਕਾਰਵਾਈਆਂ ਹੋਈਆਂ। ਇਸ ਤੋਂ ਬਾਅਦ ਵੀ ਪ੍ਰੋਟੈਸਟ ਜਾਰੀ ਰਿਹਾ, ਪਰ ਇਸ ਵਿੱਚ ਨਵੇਂ ਚਿਹਰੇ ਅਤੇ ਨਵੀਆਂ ਆਵਾਜ਼ਾਂ ਸ਼ਾਮਲ ਹੋਣ ਲੱਗੀਆਂ। ਕੁਝ ਲੋਕ ਇਸ ਨੂੰ ਯੁਵਾ ਲਹਿਰ ਜਾਂ "ਕਾਕਰੋਚ ਜਨਤਾ ਪਾਰਟੀ" ਵਜੋਂ ਪੇਸ਼ ਕਰਦੇ ਹਨ, ਪਰ ਜਮੀਨੀ ਹਕੀਕਤ ਇਹ ਹੈ ਕਿ ਇਸ ਵਿੱਚ ਖੱਬੇ-ਪੱਖੀ ਵਿਦਿਆਰਥੀ ਸੰਗਠਨਾਂ ਅਤੇ ਰਾਜਨੀਤਿਕ ਤੱਤਾਂ ਦਾ ਪ੍ਰਭਾਵ ਵਧਦਾ ਗਿਆ ਹੈ।

ਇਸ ਧਰਨੇ ਦੀ ਸਭ ਤੋਂ ਚਿੰਤਾਜਨਕ ਗੱਲ ਇਹ ਸੀ ਕਿ ਨੀਟ ਲੀਕ ਵਰਗੀ ਗੰਭੀਰ ਮੁੱਦੇ ਨੂੰ ਛੱਡ ਕੇ ਹੋਰ ਵਿਖੰਡਨਕਾਰੀ ਨਾਰੇ ਅਤੇ ਗਤੀਵਿਧੀਆਂ ਉੱਭਰ ਆਈਆਂ ਸਨ। ਰਿਪੋਰਟਾਂ ਅਨੁਸਾਰ ਇੱਥੇ "ਆਜ਼ਾਦੀ" ਵਰਗੇ ਨਾਰੇ ਲਗਾਏ ਗਏ, ਜੋ ਕਿ ਕਈ ਵਾਰ ਦੇਸ਼ ਵਿਰੋਧੀ ਤੱਤਾਂ ਵੱਲੋਂ ਵਰਤੇ ਜਾਣ ਵਾਲੇ ਨਾਅਰੇ ਹਨ। ਇਸ ਤੋਂ ਇਲਾਵਾ ਕਸ਼ਮੀਰ ਨਾਲ ਜੁੜੇ ਮੁੱਦਿਆਂ, ਆਰਟੀਕਲ 370 ਦੀ ਬਹਾਲੀ, ਉਮਰ ਖਾਲਿਦ ਵਰਗੀਆਂ ਹਸਤੀਆਂ ਦੀ ਰਿਹਾਈ ਅਤੇ ਹੋਰ ਅਜਿਹੇ ਨਾਰੇ ਵੀ ਸੁਣੇ ਗਏ ਸਨ ਜੋ ਸਿੱਧਾ ਦੇਸ਼ ਦੀ ਏਕਤਾ ਅਤੇ ਅਖੰਡਤਾ ਉੱਤੇ ਸਵਾਲ ਖੜ੍ਹੇ ਕਰਦੇ ਹਨ। ਇਸ ਤੋਂ ਇਲਾਵਾ ਹਿੰਦੂ ਧਰਮ ਅਤੇ ਇਸ ਨਾਲ ਜੁੜੀਆਂ ਹਸਤੀਆਂ ਨੂੰ ਬਦਨਾਮ ਕਰਨ ਵਾਲੀਆਂ ਗੱਲਾਂ ਵੀ ਉੱਭਰੀਆਂ। ਕੁਝ ਥਾਵਾਂ ਤੇ ਦੇਵੀ-ਦੇਵਤਾਵਾਂ ਨਾਲ ਜੁੜੀਆਂ ਬੇਤੁਕੀਆਂ ਅਤੇ ਅਪਮਾਨਜਨਕ ਟਿੱਪਣੀਆਂ, ਆਰਐੱਸਐੱਸ ਵਿਰੁੱਧ ਨਾਅਰੇ, ਬ੍ਰਾਹਮਣਾਂ ਵਿਰੁੱਧ ਘਿਣਾਉਣੀਆਂ ਗੱਲਾਂ ਅਤੇ ਇਸ ਤਰ੍ਹਾਂ ਦੀਆਂ ਹੋਰ ਗਤੀਵਿਧੀਆਂ ਨੇ ਇਸ ਅੰਦੋਲਨ ਨੂੰ ਇੱਕ ਨਵਾਂ ਰੂਪ ਦਿੱਤਾ। ਇਹ ਸਭ ਉਸ ਵਕਤ ਹੋ ਰਿਹਾ ਸੀ ਜਦੋਂ ਦੇਸ਼ ਵਿੱਚ ਧਾਰਮਿਕ ਸਦਭਾਵਨਾ ਅਤੇ ਰਾਸ਼ਟਰੀ ਏਕਤਾ ਦੀ ਸਭ ਤੋਂ ਵੱਧ ਲੋੜ ਹੈ।

ਇਸ ਤੋਂ ਵੀ ਵਧ ਕੇ ਚਿੰਤਾ ਦੀ ਗੱਲ ਇਹ ਹੈ ਕਿ ਇਸ ਧਰਨੇ ਵਿੱਚ ਅਜਿਹੀਆਂ ਹਸਤੀਆਂ ਅਤੇ ਸਮੂਹਾਂ ਨੂੰ ਮੌਕਾ ਮਿਲਿਆ ਹੈ ਜਿਨ੍ਹਾਂ ਉੱਤੇ ਪਹਿਲਾਂ ਤੋਂ ਹੀ ਦੇਸ਼ ਵਿਰੋਧੀ ਅਤੇ ਹਿੰਦੂ ਵਿਰੋਧੀ ਰਵੱਈਏ ਦੇ ਆਰੋਪ ਲੱਗਦੇ ਰਹੇ ਹਨ। ਖੱਬੇ-ਪੱਖੀ ਵਿਦਿਆਰਥੀ ਸੰਗਠਨਾਂ ਤੋਂ ਲੈ ਕੇ ਕੁਝ ਰਾਜਨੀਤਿਕ ਕਾਰਕੁੰਨਾਂ ਤੱਕ, ਇਸ ਅੰਦੋਲਨ ਵਿੱਚ ਉਨ੍ਹਾਂ ਲੋਕਾਂ ਦੀ ਹਾਜ਼ਰੀ ਨੇ ਇਸ ਪ੍ਰੋਟੈਸਟ ਦੀ ਸ਼ੁੱਧਤਾ ਉੱਤੇ ਸਵਾਲ ਖੜ੍ਹੇ ਕੀਤੇ ਹਨ।

ਇਸ ਤੋਂ ਇਲਾਵਾ ਨਿਹੰਗ ਸਿੱਖਾਂ ਨਾਲ ਹੋਏ ਟਕਰਾਅ ਵਰਗੀਆਂ ਘਟਨਾਵਾਂ ਨੇ ਵੀ ਇਸ ਅੰਦੋਲਨ ਨੂੰ ਇੱਕ ਅਜਿਹਾ ਰੂਪ ਦਿੱਤਾ ਹੈ ਜੋ ਸਿਰਫ਼ ਵਿਦਿਆਰਥੀਆਂ ਦੀ ਸਮੱਸਿਆ ਨਾਲ ਜੁੜਿਆ ਨਹੀਂ ਰਿਹਾ। ਇੱਕ ਪਾਸੇ ਵਿਦਿਆਰਥੀ ਆਪਣੀਆਂ ਮੰਗਾਂ ਲਈ ਬੈਠੇ ਹਨ, ਉੱਥੇ ਹੀ ਬਾਹਰੀ ਤੱਤਾਂ ਵੱਲੋਂ ਇਸ ਨੂੰ ਆਪਣੇ ਏਜੈਂਡੇ ਲਈ ਵਰਤਣ ਦੀਆਂ ਕੋਸ਼ਿਸ਼ਾਂ ਹੋ ਰਹੀਆਂ ਸਨ। ਰਾਤ ਦੇ ਵੇਲੇ ਡਾਂਸ ਪਾਰਟੀ ਵਰਗੀਆਂ ਗਤੀਵਿਧੀਆਂ ਤੋਂ ਲੈ ਕੇ ਗੰਭੀਰ ਚਰਚਾ ਦੀ ਥਾਂ ਉੱਤੇ ਵਿਵਾਦਿਤ ਨਾਅਰਿਆਂ ਤੱਕ, ਇਹ ਸਭ ਇਸ ਗੱਲ ਦਾ ਸੰਕੇਤ ਹੈ ਕਿ ਇਹ ਅੰਦੋਲਨ ਆਪਣੇ ਮੂਲ ਸਿਧਾਂਤ ਤੋਂ ਭਟਕ ਚੁੱਕਾ ਸੀ।

ਰਾਜਨੀਤਿਕ ਪਾਰਟੀਆਂ ਦੀ ਭੂਮਿਕਾ ਇਸ ਵਿੱਚ ਸਭ ਤੋਂ ਵਧੇਰੇ ਸਪਸ਼ਟ ਸੀ। ਵਿਰੋਧੀ ਧਿਰਾਂ, ਖਾਸ ਕਰਕੇ ਕਾਂਗਰਸ ਅਤੇ ਹੋਰ ਖੱਬੇ-ਪੱਖੀ ਸਮੂਹ, ਇਸ ਅੰਦੋਲਨ ਨੂੰ ਆਪਣੇ ਰਾਜਨੀਤਿਕ ਏਜੈਂਡੇ ਲਈ ਵਰਤ ਰਹੀਆਂ ਸਨ। ਰਾਹੁਲ ਗਾਂਧੀ ਵਰਗੇ ਆਗੂਆਂ ਵੱਲੋਂ ਇਸ ਵਿੱਚ ਸਰਗਰਮੀ ਅਤੇ ਇਸ ਨੂੰ ਸਰਕਾਰ ਵਿਰੁੱਧ ਇੱਕ ਵੱਡਾ ਮੁੱਦਾ ਬਣਾਉਣ ਦੀਆਂ ਕੋਸ਼ਿਸ਼ਾਂ ਨੇ ਇਸ ਨੂੰ ਇੱਕ ਰਾਜਨੀਤਿਕ ਖੇਡ ਵਿੱਚ ਬਦਲ ਦਿੱਤਾ। ਜਦੋਂ ਕਿ ਸਰਕਾਰ ਨੇ ਪੀਐੱਮ ਮੋਦੀ ਦੀ ਅਗਵਾਈ ਵਿੱਚ ਫਾਸਟ-ਟ੍ਰੈਕ ਅਦਾਲਤਾਂ ਬਣਾਉਣ ਅਤੇ ਸਖ਼ਤ ਕਾਰਵਾਈ ਦਾ ਐਲਾਨ ਕੀਤਾ ਸੀ, ਤਦ ਵੀ ਪ੍ਰੋਟੈਸਟਰ ਇਸ ਨੂੰ ਨਜ਼ਰਅੰਦਾਜ਼ ਕਰਦੇ ਹੋਏ ਸਿਰਫ਼ ਇੱਕ ਖਾਸ ਮੰਤਰੀ ਦਾ ਅਸਤੀਫਾ ਮੰਗ ਰਹੇ ਸਨ। ਇਹ ਸਭ ਇਸ ਗੱਲ ਵੱਲ ਇਸ਼ਾਰਾ ਕਰਦਾ ਹੈ ਕਿ ਇਸ ਅੰਦੋਲਨ ਨੂੰ ਵਿਦਿਆਰਥੀਆਂ ਦੀ ਭਲਾਈ ਲਈ ਨਹੀਂ, ਸਗੋਂ ਰਾਜਨੀਤਿਕ ਲਾਭ ਲਈ ਵਰਤਿਆ ਜਾ ਰਿਹਾ ਸੀ। ਇਸ ਤਰ੍ਹਾਂ ਦੀ ਰਾਜਨੀਤੀ ਵਿਦਿਆਰਥੀਆਂ ਦੀਆਂ ਅਸਲੀ ਸਮੱਸਿਆਵਾਂ ਨੂੰ ਹੱਲ ਕਰਨ ਦੀ ਥਾਂ ਉਨ੍ਹਾਂ ਨੂੰ ਇੱਕ ਰਾਜਨੀਤਿਕ ਹਥਿਆਰ ਵਜੋਂ ਵਰਤਦੀ ਹੈ ਅਤੇ ਦੇਸ਼ ਵਿੱਚ ਵਿਖੰਡਨ ਫੈਲਾਉਂਦੀ ਹੈ।

ਇਸ ਧਰਨੇ ਵਿੱਚ ਹੋਰ ਵੀ ਕਈ ਘਟੀਆ ਹਰਕਤਾਂ ਸਾਹਮਣੇ ਆਈਆਂ। ਇੱਕ ਪਾਸੇ ਵਿਦਿਆਰਥੀ ਗਰਮੀ ਵਿੱਚ ਬੈਠੇ ਸਨ ਅਤੇ ਭੋਜਨ ਵਾਲੰਟੀਅਰਾਂ ਤੋਂ ਮਦਦ ਲੈ ਰਹੇ ਸਨ, ਉੱਥੇ ਹੀ ਬਾਹਰੀ ਤੱਤਾਂ ਵੱਲੋਂ ਇਸ ਨੂੰ ਆਪਣੇ ਏਜੈਂਡੇ ਲਈ ਵਰਤਣ ਦੀਆਂ ਰਿਪੋਰਟਾਂ ਹਨ। ਹਿੰਦੂਵਾਦ ਨੂੰ ਬਦਨਾਮ ਕਰਨ ਵਾਲੀਆਂ ਗੱਲਾਂ, ਸਮਾਜ ਨੂੰ ਧਾਰਮਿਕ ਆਧਾਰ ਉੱਤੇ ਵੰਡਣ ਵਾਲੀਆਂ ਕੋਸ਼ਿਸ਼ਾਂ ਅਤੇ ਦੇਸ਼ ਦੀ ਏਕਤਾ ਉੱਤੇ ਸਵਾਲ ਉਠਾਉਣ ਵਾਲੇ ਨਾਅਰੇ ਇਸ ਗੱਲ ਦਾ ਸਬੂਤ ਹਨ ਕਿ ਇਹ ਅੰਦੋਲਨ ਹੁਣ ਸਿਰਫ਼ ਪ੍ਰੀਖਿਆ ਲੀਕ ਤੱਕ ਸੀਮਿਤ ਨਹੀਂ ਰਿਹਾ ਸੀ।

ਇਸ ਨੇ ਇੱਕ ਅਜਿਹਾ ਰੂਪ ਧਾਰਨ ਕਰ ਲਿਆ ਸੀ ਜਿਸ ਵਿੱਚ ਰਾਸ਼ਟਰੀ ਹਿੱਤਾਂ ਨਾਲੋਂ ਵਿਅਕਤੀਗਤ ਜਾਂ ਰਾਜਨੀਤਿਕ ਹਿੱਤ ਵਧੇਰੇ ਮਹੱਤਵਪੂਰਨ ਬਣ ਗਏ ਸਨ। ਇਸ ਤਰ੍ਹਾਂ ਦੀਆਂ ਗਤੀਵਿਧੀਆਂ ਨਾ ਸਿਰਫ਼ ਵਿਦਿਆਰਥੀਆਂ ਦੀ ਇਮਾਨਦਾਰੀ ਉੱਤੇ ਸਵਾਲ ਖੜ੍ਹਾ ਕਰਦੀਆਂ ਹਨ, ਸਗੋਂ ਸਮੁੱਚੇ ਸਮਾਜ ਲਈ ਖਤਰਨਾਕ ਹਨ।

ਇਸ ਸਭ ਨੂੰ ਧਿਆਨ ਵਿੱਚ ਰੱਖਦਿਆਂ ਇਸ ਧਰਨੇ ਨੂੰ "ਨੀਚ ਪ੍ਰੋਟੈਸਟ" ਕਿਹਾ ਜਾਣਾ ਬਿਲਕੁਲ ਜਾਇਜ਼ ਹੈ। ਇੱਕ ਅੰਦੋਲਨ ਜੋ ਸ਼ੁਰੂ ਵਿੱਚ ਵਿਦਿਆਰਥੀਆਂ ਦੀਆਂ ਜਾਇਜ਼ ਮੰਗਾਂ ਲਈ ਸੀ, ਉਹ ਜਦੋਂ ਘਟੀਆ ਰਾਜਨੀਤੀ, ਵਿਖੰਡਨਕਾਰੀ ਨਾਅਰਿਆਂ, ਹਿੰਦੂ ਵਿਰੋਧੀ ਰਵੱਈਏ ਅਤੇ ਦੇਸ਼ ਵਿਰੋਧੀ ਤੱਤਾਂ ਦਾ ਮੰਚ ਬਣ ਜਾਵੇ, ਤਾਂ ਇਸ ਨੂੰ ਉੱਚਾ ਨਾਮ ਦੇਣਾ ਇਸ ਦੀ ਅਸਲੀਅਤ ਨਾਲ ਧੋਖਾ ਹੋਵੇਗਾ। ਨੀਚ ਇਸ ਲਈ ਕਿਉਂਕਿ ਇਸ ਨੇ ਵਿਦਿਆਰਥੀਆਂ ਦੀਆਂ ਅਸਲੀ ਸਮੱਸਿਆਵਾਂ ਨੂੰ ਰਾਜਨੀਤਿਕ ਲਾਭ ਲਈ ਵਰਤਿਆ, ਹਿੰਦੂ ਧਰਮ ਅਤੇ ਰਾਸ਼ਟਰੀ ਏਕਤਾ ਨੂੰ ਬਦਨਾਮ ਕੀਤਾ ਅਤੇ ਇੱਕ ਗੰਭੀਰ ਮੁੱਦੇ ਨੂੰ ਇੱਕ ਘਟੀਆ ਖੇਡ ਵਿੱਚ ਬਦਲ ਦਿੱਤਾ। ਇਸ ਤੋਂ ਇਲਾਵਾ ਦੇਸ਼ ਦੇ ਪ੍ਰਧਾਨ ਮੰਤਰੀ ਦੀ ਮਾਤਾ ਵਿਰੁਧ ਅਭੱਦਰ ਭਾਸ਼ਾ ਦੀ ਹੱਦਾਂ ਟੱਪ ਕੇ ਦੇਸ਼ ਦੀਆਂ ਨੌਜਾਵਾਨ ਧੀਆਂ ਵੱਲੋਂ ਟਿੱਪਣੀਆਂ ਕੀਤੀਆਂ ਗਈਆਂ, ਜੋ ਕਿ ਬੇਹੱਦ ਨਿੰਦਣਯੋਗ ਸੀ। ਇਸ ਤੋਂ ਇਲਾਵਾ ਸਟੇਜ ਤੋਂ ਮਹਿਲਾ ਸਪੋਕਸ ਪਰਸਨ ਵੱਲੋਂ ਆਪਣੇ ਪ੍ਰਾਈਵੇਟ ਪਾਰਟਸ ਵੱਲ ਇਸ਼ਾਰਾ ਕਰਦੇ ਹੋਏ " ਮੇਰਾ ਲਿੰਗ ਮੇਰੀ ਅਜ਼ਾਦੀ" ਦੇ ਅਭੱਦਰ ਨਾਅਰੇ ਲਗਾਏ ਗਏ। ਇਸ ਪੂਰੇ ਪ੍ਰੋਟੈਸਟ ਦੌਰਾਨ ਦੇਸ਼ ਦੀਆਂ ਨੌਜਵਾਨ ਧੀਆਂ ਵੱਲੋਂ ਅਜਿਹੀ ਅਭੱਦਰ ਭਾਸ਼ਾਂ ਦੀ ਵਰਤੋਂ ਕਰਦੇ ਹੋਏ ਬੇਹੱਦ ਗੰਦੇ ਨਾਅਰੇ ਲਗਾਏ ਗਏ, ਜਿਹਨਾਂ ਲਈ ਸ਼ਬਦਾਂ ਦੀ ਵਰਤੋਂ ਕਰਕੇ ਵੀ ਦੱਸਿਆ ਨਹੀਂ ਜਾ ਸਕਦਾ। ਸਰਕਾਰ ਵੱਲੋਂ ਫਾਸਟ-ਟ੍ਰੈਕ ਅਦਾਲਤਾਂ ਵਰਗੀਆਂ ਠੋਸ ਕਾਰਵਾਈਆਂ ਦੇ ਬਾਵਜੂਦ ਇਸ ਅੰਦੋਲਨ ਦਾ ਰੂਪ ਇਸ ਗੱਲ ਦਾ ਸਬੂਤ ਹੈ ਕਿ ਇਸ ਵਿੱਚ ਕੁਝ ਤੱਤਾਂ ਦਾ ਏਜੈਂਡਾ ਵਿਦਿਆਰਥੀਆਂ ਤੋਂ ਵੱਖਰਾ ਸੀ।

ਅਸਲ ਵਿੱਚ ਵਿਦਿਆਰਥੀਆਂ ਦੀਆਂ ਸਮੱਸਿਆਵਾਂ ਹੱਲ ਹੋਣੀਆਂ ਚਾਹੀਦੀਆਂ ਹਨ, ਪਰ ਉਸ ਲਈ ਇੱਕ ਸ਼ਾਂਤ, ਉਦੇਸ਼ਮੁਖੀ ਅਤੇ ਰਾਸ਼ਟਰੀ ਹਿੱਤਾਂ ਨਾਲ ਜੁੜਿਆ ਅੰਦੋਲਨ ਲੋੜੀਂਦਾ ਹੈ। ਜਦੋਂ ਤੱਕ ਇਸ ਤਰ੍ਹਾਂ ਦੀਆਂ ਘਟੀਆ ਹਰਕਤਾਂ ਅਤੇ ਰਾਜਨੀਤਿਕ ਖੇਡਾਂ ਚੱਲਦੀਆਂ ਰਹਿਣਗੀਆਂ, ਉਦੋਂ ਤੱਕ ਇਸ ਅੰਦੋਲਨ ਦਾ ਅਸਲੀ ਉਦੇਸ਼ ਪੂਰਾ ਨਹੀਂ ਹੋ ਸਕਦਾ। ਇਸ ਲਈ ਇਸ ਨੂੰ ਇਸ ਦੇ ਅਸਲੀ ਰੂਪ ਵਿੱਚ ਦੇਖਣਾ ਅਤੇ "ਨੀਚ ਪ੍ਰੋਟੈਸਟ" ਵਜੋਂ ਉਜਾਗਰ ਕਰਨਾ ਜ਼ਰੂਰੀ ਹੈ, ਤਾਂ ਜੋ ਵਿਦਿਆਰਥੀ ਅਤੇ ਆਮ ਲੋਕ ਇਸ ਦੀਆਂ ਅਸਲੀਅਤਾਂ ਤੋਂ ਵਾਕਿਫ਼ ਹੋ ਸਕਣ ਅਤੇ ਭਵਿੱਖ ਵਿੱਚ ਅਜਿਹੀਆਂ ਗਲਤੀਆਂ ਤੋਂ ਬਚ ਸਕਣ। ਰਾਸ਼ਟਰੀ ਏਕਤਾ ਅਤੇ ਧਾਰਮਿਕ ਸਦਭਾਵਨਾ ਨੂੰ ਬਰਕਰਾਰ ਰੱਖਣਾ ਹਰ ਇੱਕ ਭਾਰਤੀ ਦਾ ਫਰਜ਼ ਹੈ ਅਤੇ ਇਸ ਲਈ ਅਜਿਹੇ ਅੰਦੋਲਨਾਂ ਉੱਤੇ ਗਹਿਰੀ ਨਜ਼ਰ ਰੱਖਣੀ ਚਾਹੀਦੀ ਹੈ।

**Information in Public Interest**

To listen to **Dr.Gurdip Singh Sandhu** health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148

ਸਾਂਝੀ ਸੋਚ SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com

ਡਰਾਈਵਰ ਦੀ ਜ਼ਿੰਦਗੀ ਦੇ
2 ਸਭ ਤੋਂ ਵੱਡੇ ਦੁਸ਼ਮਣ ਕੌਣ?
ਕਾਗਜ਼ ਤੇ ਘਾਣ ਦਾ ਇਨਵੌਇਸ!



# ਇਨਵੌਇਸ ਬਣਾਓ ਆਸਾਨ, ਤੇ ਚਲੋ ਬੱਸ ਮਸਤਾਨ!

ਘੱਟ ਕਾਗਜ਼ੀ ਕੰਮ. ਹੋਰ ਕਿਲੋਮੀਟਰ. ਇਨਵੌਇਸ ਸਮਾਰਟ ਬਣਾਓ **Traki** ਨਾਲ.

INVOICE

**ਕਾਗਜ਼ ਸੰਭਾਲੋ**
ਫੋਟੋ, PDF ਤੇ ਆਪਣੇ ਡੌਕੂਮੈਂਟ ਇਕੱਤਰ ਰੱਖੋ.

**ਇਨਵੌਇਸ ਬਣਾਓ**
AI ਮਦਦ ਨਾਲ ਆਟੋ ਫਿਲ ਅਤੇ ਪੇਸ਼ੇਵਰ ਇਨਵੌਇਸ ਤਿਆਰ.

**ਕਮਾਈ ਵਧਾਓ**
ਰਿਪੋਰਟ ਵੇਖੋ, ਕਮਾਈ ਟ੍ਰੈਕ ਕਰੋ, ਤੇ ਟਾਈਮ ਬਚਾਓ.

**ਅੱਜ ਹੀ ਸ਼ੁਰੂ ਕਰੋ!**

**3 ਦਿਨ ਦਾ ਮੁਫ਼ਤ TRIAL ਮਿਲੇਗਾ!**

ਟਰਾਈ ਕਰੋ, ਪਸੰਦ ਆਇਆ ਤਾਂ ਅੱਗੇ ਵਧੋ!

QR ਸਕੈਨ ਕਰੋ ਤੇ Traki ਡਾਊਨਲੋਡ ਕਰੋ ਹੁਣੇ!

**ਟਾਈਮ ਬਚਾਓ**
ਕਾਗਜ਼ੀ ਕੰਮ ਘੱਟ, ਡਰਾਈਵ ਵੱਧ.

**ਗਲਤੀ ਘੱਟ**
ਆਟੋਮੈਟਿਕ ਫਿਲ ਤੇ ਸਹੀ ਇਨਵੌਇਸ.

**ਆਫਲਾਈਨ ਕੰਮ**
ਇੰਟਰਨੈੱਟ ਬਿਨਾਂ ਵੀ ਸਭ ਕੁਝ ਚੱਲਦਾ.

**ਸਭ ਕੁਝ ਇੱਕ ਜਗ੍ਹਾ**
ਡੌਕੂਮੈਂਟ, ਇਨਵੌਇਸ ਤੇ ਰਿਪੋਰਟ – ਸਭ ਨਾਲ.

ਹੋਰ ਜਾਣਕਾਰੀ ਲਈ ਵੇਖੋ | TRAKIAPP.COM

**TRAKI**
ਡਰਾਈਵਰ ਦਾ ਅਸਲੀ ਯਾਰ.

# ਨੇਪਾਲ 'ਚ ਅਜੇ ਵੀ ਪੂਰੀ ਤਰ੍ਹਾਂ ਨਹੀਂ ਟਲਿਆ ਖ਼ਤਰਾ ਅਜੇ ਫਿਰ ਆ ਸਕਦੀ ਹੈ ਵੱਡੀ ਆਫ਼ਤ !

ਕਾਠਮੰਡੂ
ਸਾਂਝੀ ਸੋਚ ਬਿਊਰੋ

ਨੇਪਾਲ ਵਿੱਚ ਬੁੱਧਵਾਰ ਨੂੰ ਆਏ ਭਾਰੀ ਹੜ੍ਹ ਨੇ ਪੂਰੀ ਦੁਨੀਆ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਹੜ੍ਹ ਕਰਕੇ ਹੁਣ ਤੱਕ 359 ਲੋਕਾਂ ਦੀ ਮੌਤ ਹੋ ਚੁੱਕੀ ਹੈ ਅਤੇ 1300 ਤੋਂ ਵੱਧ ਲੋਕ ਲਾਪਤਾ ਹਨ। ਰਾਹਤ ਅਤੇ ਬਚਾਅ ਕਾਰਜ ਜਾਰੀ ਹਨ, ਪਰ ਮ੍ਰਿਤਕਾਂ ਦੀ ਗਿਣਤੀ ਲਗਾਤਾਰ ਵਧ ਰਹੀ ਹੈ। ਦੱਸ ਦਈਏ ਕਿ ਨੇਪਾਲ ਵਿੱਚ ਆਏ ਹੜ੍ਹਾਂ 'ਚ ਭਾਰਤ ਦੇ 288 ਲੋਕ ਲਾਪਤਾ ਹਨ। ਇਹਨਾਂ ਵਿੱਚੋਂ ਜ਼ਿਆਦਾਤਰ ਮਾਨਸਰੋਵਰ ਯਾਤਰਾ 'ਤੇ ਗਏ ਸਨ। ਇਨ੍ਹਾਂ ਹੜ੍ਹਾਂ ਨੇ ਕਈ ਕਸਬਿਆਂ ਅਤੇ ਪਿੰਡਾਂ ਨੂੰ ਤਬਾਹ ਕਰ ਦਿੱਤਾ, ਜ਼ਰੂਰੀ ਪੁਲ ਰੋੜ੍ਹ ਦਿੱਤੇ ਅਤੇ ਇੱਕ ਦਰਜਨ ਹਾਈਡ੍ਰੋਪਾਵਰ ਪ੍ਰੋਜੈਕਟਾਂ ਨੂੰ ਨੁਕਸਾਨ ਪਹੁੰਚਾਇਆ। ਵਿਨਾਸ਼ਕਾਰੀ ਹੜ੍ਹ ਦੇ ਬਾਅਦ ਵੀ ਨੇਪਾਲ ਵਿੱਚ ਖ਼ਤਰਾ ਪੂਰੀ ਤਰ੍ਹਾਂ ਟਲਿਆ ਨਹੀਂ ਹੈ ਅਤੇ ਦੇਸ਼ ਨੂੰ ਅਜੇ ਵੀ ਅਲਰਟ 'ਤੇ ਰੱਖਿਆ ਗਿਆ ਹੈ। ਖ਼ੁਦ ਚੀਨ ਨੇ ਵੀ ਆਉਣ ਵਾਲੇ ਸਮੇਂ ਵਿੱਚ ਨੇਪਾਲ ਵਿੱਚ ਇੱਕ ਹੋਰ ਜ਼ਬਰਦਸਤ ਹੜ੍ਹ ਆਉਣ ਦੀ ਸੰਭਾਵਨਾ ਜਤਾਈ ਹੈ। ਨੇਪਾਲ-ਚੀਨ ਸਰਹੱਦ (ਸੀਮਾ) ਦੇ ਨੇੜੇ ਛੋਚੇਨ ਖੋਲਾ ਅਤੇ ਪੁਰੇਪੂ ਸਾਂਗਪੋ ਨਦੀਆਂ ਦੇ ਸੰਗਮ 'ਤੇ ਢਿੱਗਾਂ ਡਿੱਗਣ ਅਤੇ ਮਲਬੇ ਕਰਕੇ ਇੱਕ ਵਿਸ਼ਾਲ ਬੈਰੀਅਰ ਲੇਕ ਯਾਨੀ ਅਸਥਾਈ ਝੀਲ ਬਣ ਗਈ ਹੈ। ਚੀਨ ਦੀ ਸਰਕਾਰ ਮੁਤਾਬਕ, ਇਸ ਬਣਾਉਟੀ ਝੀਲ ਵਿੱਚ ਲਗਭਗ 20 ਲੱਖ ਘਣ ਮੀਟਰ ਪਾਣੀ ਜਮ੍ਹਾਂ ਹੋ ਚੁੱਕਾ ਹੈ ਅਤੇ ਇਹ ਉੱਪਰੋਂ ਵਹਿਣ ਲੱਗੀ ਹੈ। ਅਗਲੇ ਕੁਝ ਦਿਨਾਂ ਵਿੱਚ ਇਸ ਵਿੱਚ 30 ਲੱਖ ਘਣ ਮੀਟਰ ਵਾਧੂ



ਪਾਣੀ ਆਉਣ ਦਾ ਖ਼ਦਸ਼ਾ ਹੈ, ਜਿਸ ਨਾਲ ਇਸ ਦੇ ਟੁੱਟਣ ਦਾ ਖ਼ਤਰਾ ਬਹੁਤ ਜ਼ਿਆਦਾ ਵਧ ਗਿਆ ਹੈ। ਜੇਕਰ ਇਹ ਟੁੱਟਦਾ ਹੈ, ਤਾਂ ਹੇਠਲੇ ਇਲਾਕਿਆਂ ਵਿੱਚ ਅਚਾਨਕ ਫਿਰ ਤੋਂ ਵਿਨਾਸ਼ਕਾਰੀ ਹੜ੍ਹ ਆ ਸਕਦਾ ਹੈ। ਨੇਪਾਲ ਦੇ ਜਲ ਅਤੇ ਮੌਸਮ ਵਿਗਿਆਨ ਵਿਭਾਗ ਨੇ ਭੋਟੇਕੋਸ਼ੀ ਦੇ ਹੇਠਲੇ ਇਲਾਕਿਆਂ ਵਿੱਚ ਲੋਕਾਂ ਨੂੰ ਨਦੀ ਦੇ ਕੰਢੇ ਤੋਂ ਦੂਰ ਰਹਿਣ ਅਤੇ ਸੁਰੱਖਿਅਤ ਥਾਂ 'ਤੇ ਜਾਣ ਦੀ ਸਲਾਹ ਦਿੱਤੀ ਹੈ। ਝੀਲ ਲਗਭਗ 0.11 ਵਰਗ ਕਿਲੋਮੀਟਰ ਵਿੱਚ ਫੈਲੀ ਹੋਈ ਹੈ। ਇਸ ਦੇ ਟੁੱਟਣ 'ਤੇ ਭੋਟੇਕੋਸ਼ੀ ਵਿੱਚ ਫਿਰ ਤੇਜ਼ ਹੜ੍ਹ ਆ ਸਕਦਾ ਹੈ। ਦੱਸ ਦਈਏ ਕਿ ਭਿਆਨਕ ਹੜ੍ਹ ਵਿੱਚ ਹਜ਼ਾਰਾਂ ਲੋਕ ਲਾਪਤਾ ਹਨ। ਲਾਪਤਾ ਲੋਕਾਂ ਵਿੱਚ ਕਈ ਵਿਦੇਸ਼ੀ ਨਾਗਰਿਕ ਵੀ ਹਨ, ਜੋ ਟ੍ਰੈਕਿੰਗ, ਗਾਈਡਡ ਟੂਰ ਜਾਂ ਪਵਿੱਤਰ ਹਿੰਦੂ ਅਸਥਾਨ ਦੀ ਤੀਰਥ ਯਾਤਰਾ ਲਈ ਇਸ ਖੇਤਰ ਵਿੱਚ ਪਹੁੰਚੇ ਸਨ। ਰਿਕਾਰਡ ਮੁਤਾਬਕ 30 ਤੋਂ ਵੱਧ ਦੇਸ਼ਾਂ ਦੇ ਨਾਗਰਿਕ ਇਸ ਤ੍ਰਾਸਦੀ ਵਿੱਚ ਲਾਪਤਾ ਹੋਏ ਹਨ। ਲਾਪਤਾ ਦੱਸੇ ਗਏ ਲੋਕਾਂ ਵਿੱਚ ਨੇਪਾਲ, ਚੀਨ, ਭਾਰਤ, ਅਮਰੀਕਾ, ਯੂਕ੍ਰੇਨ, ਮਲੇਸ਼ੀਆ, ਬ੍ਰਿਟੇਨ, ਕੈਨੇਡਾ, ਆਸਟ੍ਰੇਲੀਆ, ਦੱਖਣੀ ਕੋਰੀਆ, ਸਿੰਗਾਪੁਰ, ਜਰਮਨੀ, ਰੂਸ, ਦੱਖਣੀ ਅਫਰੀਕਾ, ਲਾਤਵੀਆ, ਜਾਪਾਨ, ਨਿਊਜ਼ੀਲੈਂਡ, ਫਰਾਂਸ, ਬੈਲਜੀਅਮ, ਸਪੇਨ, ਇਟਲੀ, ਕਜ਼ਾਕਿਸਤਾਨ, ਪੁਰਤਗਾਲ, ਆਇਰਲੈਂਡ, ਨੀਦਰਲੈਂਡਜ਼, ਬੇਲਾਰੂਸ, ਫਿਨਲੈਂਡ, ਹੰਗਰੀ, ਇਜ਼ਰਾਈਲ, ਲਿਥੁਆਨੀਆ, ਫਿਲੀਪੀਨਜ਼, ਬੁਲਗਾਰੀਆ, ਸਵਿਟਜ਼ਰਲੈਂਡ, ਸਰਬੀਆ ਅਤੇ ਸਵੀਡਨ ਦੇ ਨਾਗਰਿਕ ਸ਼ਾਮਲ ਹਨ। ਲਾਪਤਾ ਲੋਕਾਂ ਦੀ ਗਿਣਤੀ ਵੱਖ-ਵੱਖ ਏਜੰਸੀਆਂ ਵਿੱਚ ਅਲੱਗ ਹੋ ਸਕਦੀ ਹੈ। ਇਸ ਦੀ ਵਜ੍ਹਾ ਇਹ ਹੈ ਕਿ ਏਜੰਸੀਆਂ ਨੇ ਅੰਕੜੇ ਇਕੱਠੇ ਕਰਨ ਦੇ ਵੱਖ-ਵੱਖ ਤਰੀਕੇ ਅਪਣਾਏ, ਰਿਪੋਰਟ ਅਲੱਗ-ਅਲੱਗ ਸਮੇਂ 'ਤੇ ਮਿਲੀ ਅਤੇ ਅੰਕੜਿਆਂ ਦੀ ਤਸਦੀਕ ਵਿੱਚ ਵੀ ਅੰਤਰ ਦੇਖਣ ਨੂੰ ਮਿਲ ਰਿਹਾ ਹੈ।











ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ




## ਸਿੱਖ ਗੁਰਦੁਆਰਾ ਸਾਹਿਬ ਸੈਨ ਹੋਜ਼ੇ ਵੱਲੋਂ

# 8ਵਾਂ ਸਾਲਾਨਾ 'ਰਾਗ ਕੀਰਤਨ ਦਰਬਾਰ'

ਦਾ ਵਿਸ਼ਾਲ ਅਤੇ ਰੂਹਾਨੀ ਸਮਾਗਮ ਕਰਵਾਇਆ ਜਾ ਰਿਹਾ ਹੈ।

## ਆਓ, ਇਸ ਸਮਾਗਮ ਵਿਚ ਗੁਰਬਾਣੀ ਨੂੰ

ਉਸੇ ਰੂਹਾਨੀ ਅੰਦਾਜ਼ ਵਿੱਚ ਸੁਣੀਏ ਅਤੇ ਗਾਈਏ, ਜਿਸ ਤਰ੍ਹਾਂ ਇਹ ਗਾਈ ਅਤੇ ਸੁਣੀ ਜਾਣੀ ਚਾਹੀਦੀ ਹੈ।

**11 ਤੋਂ 13 ਸਤੰਬਰ 2026, ਸ਼ੁੱਕਰਵਾਰ ਤੋਂ ਐਤਵਾਰ ਤੱਕ ਆਯੋਜਿਤ ਕੀਤਾ ਜਾਵੇਗਾ।**

### ਇਸ ਸਮਾਗਮ ਵਿੱਚ



ਭਾਈ ਨਿਰਮਲ ਸਿੰਘ ਨਾਗਪੁਰੀ
ਡਾ. ਮਨਪ੍ਰੀਤ ਸਿੰਘ
ਡਾ. ਗੁਰਨਾਮ ਸਿੰਘ
ਭਾਈ ਕਰਨਜੀਤ ਸਿੰਘ ਸ਼ਾਂਤ
ਬੀਬੀ ਸੋਨੀ ਕੌਰ
ਬੀਬੀ ਸਿਮਰਤ ਕੌਰ
ਭਾਈ ਗੁਰਪ੍ਰੀਤ ਸਿੰਘ
ਭਾਈ ਸਿਮਰਨਜੀਤ ਸਿੰਘ ਖਾਲਸਾ
ਪ੍ਰੋ. ਦਲਬੀਰ ਸਿੰਘ ਤੇ ਵਿਦਿਆਰਥੀ

ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

ਸਮੂਹ ਸੰਗਤਾਂ ਨੂੰ ਇਸ ਪਵਿੱਤਰ ਅਤੇ ਰਸਭਿੰਨੇ ਕੀਰਤਨ ਦਰਬਾਰ ਵਿੱਚ ਪਰਿਵਾਰ ਸਮੇਤ ਪਹੁੰਚ ਕੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਬੇਨਤੀ ਹੈ।

ਗੁਰਦਵਾਰਾ ਸਾਹਿਬ ਦਾ ਪਤਾ :
3636 Gurdwara Avenue
San Jose, Cailforina

ਵਧੇਰੇ ਜਾਣਕਾਰੀ ਲਈ ਤੁਸੀਂ ਸੰਪਰਕ ਕਰ ਸਕਦੇ ਹੋ
(408) 274-9373


IAPW
INTERNATIONAL ASSOCIATION of PUNJABI WOMEN
28th Annual
One n One Only
Yuba City
Since 1999
JASMEEN AKHTAR
LIVE PERFORMANCE
LIVE IN YUBA CITY
6th SEPT 2026
11AM TO 7PM
YUBA SUTTER FAIR GROUNDS
442 FRANKLIN AVEYUBA CITY, CA 95991
JOT RANJIT KAUR (SINGER & HOST)
PARM TAKHAR (HOST)
$10 MANDATORY RAFFLE
ENTRY TICKET AT THE GATE
FROM 10:00AM TO 3:00PM
$20 ENTRY TICKET 3:00PM TO 5:30PM
GATES CLOSE AT 5:30PM.
FOR PARTICIPATION, BOOTH BOOKINGS N SPONSORSHIP, PLEASE CONTACT
CALL : (530) 845-4800
KEERAT TAKHAR
HARNOOR KAUR
PINNU BRAR
DR. LOVELEEN SAMRA
BAL K SINDAL
NAVI GILL
HARDEEP HUNDAL
MANINDER MAAN
SHIVPREET BIHALA
HARDEEP BINNING
SUKHY JHUTTY
JASWANT DHILLON
SUKHNANDAN K LALLY
SITAL GURAYA
MANDEEP KAUR
MADHUPREET KAUR
UMBER MAAN

# Serving Californians since 1999

Global Green
INSURANCE AGENCY
Lic #oF34231

Mann Insurance Brokers Inc.
dba Global Green Insurance Agency of the Bay Area

AUTO, HOME,
BUSINESS, LIFE

510-487-1000

WWW.GGIABA.COM

COVERED CALIFORNIA

Certified
INSURANCE
AGENT

Free Confidential Help

Call : Gurcharan Singh Mann
CA License

Medicare

Licensed Insurance Agent
CA Lic # 0C70672

CALL TO ENROL
510-557-0061

Buying
OR
Selling
Real Estate
Let
US
HELP

MANN
Real Estate Services

BAY AREA, TRACY, LATHROP, ELK GROVE, ROSEVILLE, ROCKLIN, MOUNTAIN HOUSE

510-557-0061

Find your home on our website

www.mannres.com



Gurcharan Singh
Mann
DRE#02321006

# ਅਲਾਸਕਾ 'ਚ ਵੱਡਾ ਜਹਾਜ਼ ਹਾਦਸਾ: ਚਾਰ ਦੀ ਮੌਤ

ਅਲਾਸਕਾ
ਸਾਂਝੀ ਸੋਚ ਬਿਊਰੋ



ਅਲਾਸਕਾ ਵਿੱਚ ਇੱਕ ਛੋਟਾ ਜਹਾਜ਼ ਹਾਦਸਾਗ੍ਰਸਤ ਹੋ ਕੇ ਸਮੁੰਦਰ ਦੇ ਘੱਟ ਡੂੰਘੇ ਪਾਣੀ ਵਿੱਚ ਜਾ ਡਿੱਗਿਆ। ਇਸ ਹਾਦਸੇ ਵਿੱਚ ਜਹਾਜ਼ ਵਿੱਚ ਸਵਾਰ ਸਾਰੇ ਚਾਰ ਲੋਕਾਂ ਦੀ ਮੌਤ ਹੋ ਗਈ। ਅਮਰੀਕਾ ਦਾ ਨੈਸ਼ਨਲ ਟ੍ਰਾਂਸਪੋਰਟੇਸ਼ਨ ਸੇਫਟੀ ਬੋਰਡ ਇਸ ਹਾਦਸੇ ਦੀ ਜਾਂਚ ਕਰ ਰਿਹਾ ਹੈ। ਅਲਾਸਕਾ ਦੇ ਸੈਨੇਟਰ ਡੈਨ ਸੁਲੀਵਨ ਨੇ ਕਿਹਾ ਕਿ ਉਨ੍ਹਾਂ ਨੂੰ ਂਠਸ਼ਭ ਅਤੇ ਫੈਡਰਲ ਐਵੀਏਸ਼ਨ ਐਡਮਿਨਿਸਟ੍ਰੇਸ਼ਨ ਵੱਲੋਂ ਇਸ ਹਾਦਸੇ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਸੁਲੀਵਨ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਘਟਨਾਵਾਂ ਬਹੁਤ ਹੀ ਦੁਖਦ ਹਨ। ਦੱਸਿਆ ਜਾ ਰਿਹਾ ਹੈ ਕਿ ਇਹ ਹਾਦਸਾ ਅਲਾਸਕਾ ਦੇ ਇੱਕ ਦੂਰ-ਦੁਰਾਡੇ ਦੇ ਤੱਟੀ ਕਸਬੇ ਨੇੜੇ ਵਾਪਰਿਆ। ਅਧਿਕਾਰੀਆਂ ਮੁਤਾਬਕ, ਪਾਈਪਰ ਪੀਏ-24 ਜਹਾਜ਼ ਅਲਾਸਕਾ ਦੇ ਸਭ ਤੋਂ ਵੱਡੇ ਸ਼ਹਿਰ ਐਂਕਰੇਜ ਤੋਂ ਉਡਾਣ ਭਰ ਕੇ ਛੋਟੇ ਕਸਬੇ ਸੇਲਡੋਵੀਆ ਦੇ ਏਅਰਪੋਰਟ ਵੱਲ ਜਾ ਰਿਹਾ ਸੀ। ਸੇਲਡੋਵੀਆ ਦਾ ਏਅਰਪੋਰਟ ਐਂਕਰੇਜ ਤੋਂ ਲਗਭਗ 219 ਕਿਲੋਮੀਟਰ ਦੱਖਣ-ਪੱਛਮ ਵਿੱਚ ਸਥਿਤ ਹੈ। ਇਸ ਜਹਾਜ਼ ਹਾਦਸੇ ਦਾ ਕਾਰਨ ਅਜੇ ਸਪੱਸ਼ਟ ਨਹੀਂ ਹੈ।

# ਬੱਸ ਅਤੇ ਆਟੋ-ਰਿਕਸ਼ਾ ਦੀ ਭਿਆਨਕ ਟੱਕਰ: 7 ਦੀ ਮੌਤ, ਕਈ ਜ਼ਖਮੀ

ਪਲਨਾਡੂ
ਸਾਂਝੀ ਸੋਚ ਬਿਊਰੋ




ਆਂਧਰਾ ਪ੍ਰਦੇਸ਼ ਦੇ ਪਲਨਾਡੂ ਜ਼ਿਲ੍ਹੇ ਵਿੱਚ ਵੀਰਵਾਰ ਨੂੰ ਇੱਕ ਬੱਸ ਇੱਕ ਆਟੋ-ਰਿਕਸ਼ਾ ਨਾਲ ਟਕਰਾ ਗਈ। ਇਸ ਹਾਦਸੇ ਵਿੱਚ ਸੱਤ ਲੋਕਾਂ ਦੀ ਮੌਤ ਹੋ ਗਈ, ਜਦੋਂ ਕਿ ਛੇ ਹੋਰ ਜ਼ਖਮੀ ਹੋ ਗਏ। ਜ਼ਖਮੀਆਂ ਵਿੱਚ ਚਾਰ ਬੱਚੇ ਸ਼ਾਮਲ ਹਨ। ਪੁਲਿਸ ਨੇ ਇਹ ਜਾਣਕਾਰੀ ਦਿੱਤੀ। ਇਹ ਹਾਦਸਾ ਚਿਲਕਾਲੂਰੀਪੇਟ ਮੰਡਲ ਦੇ ਅੱਡਾ ਰੋਡ ਨੇੜੇ ਵਾਪਰਿਆ। ਬੱਸ ਵਿਜੇਵਾੜਾ ਤੋਂ ਤਿਰੂਪਤੀ ਜਾ ਰਹੀ ਸੀ ਜਦੋਂ ਉਸਨੇ ਆਟੋ-ਰਿਕਸ਼ਾ ਨੂੰ ਟੱਕਰ ਮਾਰ ਦਿੱਤੀ, ਜਿਸ ਵਿੱਚ 15 ਯਾਤਰੀ ਸਵਾਰ ਸਨ। ਪੁਲਿਸ ਦੇ ਅਨੁਸਾਰ, ਆਟੋ-ਰਿਕਸ਼ਾ ਸੜਕ ਦੇ ਗਲਤ ਪਾਸੇ ਮੁੜ ਗਿਆ ਸੀ ਅਤੇ ਬੱਸ ਦੇ ਰਸਤੇ ਵਿੱਚ ਜਾ ਵੱਜਿਆ। ਉਸ ਸਮੇਂ, ਬੱਸ ਲਗਭਗ 40 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਯਾਤਰਾ ਕਰ ਰਹੀ ਸੀ। ਨਰਸਾਰੋਪੇਟ ਦੇ ਡੀਐਸਪੀ ਦੇ ਅਨੁਸਾਰ, ਇਹ ਹਾਦਸਾ ਸਵੇਰੇ 1:00 ਵਜੇ ਦੇ ਕਰੀਬ ਵਾਪਰਿਆ। ਤਿਰੂਪਤੀ ਜਾਣ ਵਾਲੀ ਬੱਸ ਇੱਕ ਯਾਤਰੀ ਨੂੰ ਲੈਣ ਲਈ ਚਿਲਕਾਲੂਰੀਪੇਟ ਦੇ ਨੇੜੇ ਬਾਈਪਾਸ ਪਹੁੰਚੀ ਸੀ। ਯਾਤਰੀ ਨੂੰ ਲੈਣ ਤੋਂ ਬਾਅਦ, ਬੱਸ ਨਰਸਾਰਾਓਪੇਟ ਬੱਸ ਸਟੈਂਡ ਵੱਲ ਜਾ ਰਹੀ ਸੀ। ਇਸੇ ਦੌਰਾਨ ਕਾਲਾ ਮੰਦਰ ਜੰਕਸ਼ਨ ਨੇੜੇ ਬੱਸ ਆਟੋ-ਰਿਕਸ਼ਾ ਨਾਲ ਟਕਰਾ ਗਈ। ਚਾਰ ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਤਿੰਨ ਹੋਰ ਹਸਪਤਾਲ ਵਿੱਚ ਇਲਾਜ ਦੌਰਾਨ ਦਮ ਤੋੜ ਗਏ। ਛੇ ਜ਼ਖਮੀਆਂ ਨੂੰ ਇਲਾਜ ਲਈ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ।

# ਐੱਫ.ਆਈ.ਐੱਚ ਵਿਸ਼ਵ ਕੱਪ: ਭਾਰਤੀ ਮਹਿਲਾ ਹਾਕੀ ਟੀਮ ਨੇ ਜਰਮਨੀ ਨੂੰ 3-1 ਨਾਲ ਹਰਾਇਆ

ਐਮਸਟਲਵੀਨ
ਸਾਂਝੀ ਸੋਚ ਬਿਊਰੋ



ਐਮਸਟਲਵੀਨ ਵਿਚ ਖੇਡੇ ਗਏ ਐੱਫ.ਆਈ.ਐੱਚ. ਵਿਸ਼ਵ ਕੱਪ ਦੇ ਪਲੇਅ-ਆਫ ਮੁਕਾਬਲੇ ਵਿਚ ਭਾਰਤੀ ਮਹਿਲਾ ਹਾਕੀ ਟੀਮ ਨੇ ਜਰਮਨੀ ਦੀ ਮਜ਼ਬੂਤ ਟੀਮ ਨੂੰ 3-1 ਨਾਲ ਹਰਾ ਦਿੱਤਾ ਹੈ। ਇਸ ਸ਼ਾਨਦਾਰ ਜਿੱਤ ਨਾਲ ਭਾਰਤੀ ਟੀਮ ਨੇ ਪੰਜਵਾਂ ਸਥਾਨ ਹਾਸਲ ਕਰ ਲਿਆ ਹੈ। ਜਾਣਕਾਰੀ ਅਨੁਸਾਰ ਕੋਚ ਸ਼ੋਡ ਮਾਰਿਨ ਦੀ ਅਗਵਾਈ ਹੇਠ ਖੇਡ ਰਹੀ ਭਾਰਤੀ ਟੀਮ ਨੇ ਆਖਰੀ 17 ਮਿੰਟਾਂ ਵਿਚ ਹਮਲਾਵਰ ਖੇਡ ਦਿਖਾਉਂਦਿਆਂ ਤਿੰਨ ਸ਼ਾਨਦਾਰ ਗੋਲ ਦਾਗੇ। ਭਾਰਤ ਵੱਲੋਂ ਇਸ਼ਿਕਾ ਨੇ 43ਵੇਂ ਮਿੰਟ ਵਿਚ ਅਤੇ ਨਵਨੀਤ ਕੌਰ ਨੇ 44ਵੇਂ ਤੇ 47ਵੇਂ ਮਿੰਟ ਵਿਚ ਗੋਲ ਕਰਕੇ ਟੀਮ ਨੂੰ ਮਜ਼ਬੂਤ ਸਥਿਤੀ ਵਿਚ ਪਹੁੰਚਾਇਆ, ਜਦਕਿ ਜਰਮਨੀ ਲਈ ਇਕੋ-ਇਕ ਗੋਲ ਲਿਨ ਕ੍ਰਿੰਗਜ਼ ਨੇ 59ਵੇਂ ਮਿੰਟ ਵਿਚ ਕੀਤਾ। ਇਸ ਜਿੱਤ ਨਾਲ ਭਾਰਤ ਨੇ ਪਿਛਲੇ 52 ਸਾਲਾਂ ਵਿਚ ਆਪਣਾ ਸਭ ਤੋਂ ਵਧੀਆ ਪ੍ਰਦਰਸ਼ਨ ਕਰਦਿਆਂ ਵਿਸ਼ਵ ਕੱਪ ਵਿਚ ਪੰਜਵਾਂ ਸਥਾਨ ਹਾਸਲ ਕੀਤਾ ਹੈ। ਇਹ 1974 ਵਿਚ ਅਜਿੰਦਰ ਕੌਰ ਦੀ ਅਗਵਾਈ ਹੇਠ ਪਹਿਲੇ ਵਿਸ਼ਵ ਕੱਪ ਵਿਚ ਚੌਥਾ ਸਥਾਨ ਹਾਸਲ ਕਰਨ ਤੋਂ ਬਾਅਦ ਭਾਰਤੀ ਮਹਿਲਾ ਹਾਕੀ ਟੀਮ ਦਾ ਵਧੀਆ ਪ੍ਰਦਰਸ਼ਨ ਹੈ। ਪੂਰੇ ਟੂਰਨਾਮੈਂਟ ਵਿਚ ਸ਼ਾਨਦਾਰ ਖੇਡ ਦਿਖਾਉਣ ਵਾਲੀ ਭਾਰਤੀ ਟੀਮ ਨੂੰ ਸਿਰਫ਼ ਓਲੰਪਿਕ ਚੈਂਪੀਅਨ ਨੀਦਰਲੈਂਡਜ਼ ਹੱਥੋਂ ਹੀ ਹਾਰ ਦਾ ਸਾਹਮਣਾ ਕਰਨਾ ਪਿਆ ਸੀ। ਮੈਚ ਦੌਰਾਨ ਭਾਰਤੀ ਗੋਲਕੀਪਰ ਅਤੇ ਡਿਫੈਂਸ ਨੇ ਜਰਮਨੀ ਦੇ ਕਈ ਪੈਨਲਟੀ ਕਾਰਨਰਾਂ ਨੂੰ ਨਾਕਾਮ ਕੀਤਾ। ਅਗਲੇ ਮਹੀਨੇ ਹੋਣ ਵਾਲੇ ਏਸ਼ਿਆਈ ਖੇਡਾਂ ਤੋਂ ਪਹਿਲਾਂ ਇਸ ਸ਼ਾਨਦਾਰ ਸਫਲਤਾ ਨਾਲ ਪੂਰੀ ਟੀਮ ਦਾ ਆਤਮ-ਵਿਸ਼ਵਾਸ ਕਾਫ਼ੀ ਵਧਿਆ ਹੈ ਅਤੇ ਦੇਸ਼ ਭਰ ਵਿਚ ਖੁਸ਼ੀ ਦਾ ਮਾਹੌਲ ਹੈ।

# ਧੋਖਾਧੜੀ ਮਾਮਲੇ 'ਚ ਭਾਰਤੀ ਮੂਲ ਦੇ ਜੋੜੇ ਨੂੰ 5 ਸਾਲ ਕੈਦ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ



ਅਰਕੰਸਸ ਦੇ ਸ਼ਹਿਰ ਜੈਂਟਰੀ ਵਿਖੇ ਇੱਕ ਬਜ਼ੁਰਗ ਧੋਖਾਧੜੀ ਯੋਜਨਾ ਵਿੱਚ ਸ਼ਾਮਿਲ ਭਾਰਤੀ ਮੂਲ ਦੇ ਜੋੜੇ ਨੂੰ ਚੋਰੀ ਦੇ ਦੋਸ਼ਾਂ ਤਹਿਤ ਦੋਸ਼ੀ ਕਰਾਰ ਦੇ ਕੇ ਸਜਾ ਸੁਣਾਈ ਗਈ ਹੈਙ ਉਨਾਂ ਨੂੰ ਇਕ ਗੁਪਤ ਕਾਰਵਾਈ ਤਹਿਤ ਗ੍ਰਿਫਤਾਰ ਕੀਤਾ ਗਿਆ ਸੀ ਜਿਨਾਂ ਵਿਚ ਗਜੇਰਾ ਪ੍ਰਸ਼ਾਂਤ ਤੇ ਧਾਰਾਬੇਨ ਬਾਵੜੀਆ ਸ਼ਾਮਲ ਹਨ ਙ ਦੋਵਾਂ ਨੂੰ ਪੰਜ ਸਾਲ ਦੀ ਕੈਦ ਦੀ ਸਜ਼ਾ ਸੁਣਾਈ ਗਈ ਹੈ।

ਜੈਂਟਰੀ ਪੁਲਿਸ ਵਿਭਾਗ ਅਨੁਸਾਰ, ਜੋੜੇ ਨੂੰ 21 ਅਪ੍ਰੈਲ ਨੂੰ ਇੱਕ ਜਾਅਲੀ ਪੇਪਾਲ ਰਿਫੰਡ ਘੁਟਾਲੇ ਵਿੱਚ ਗ੍ਰਿਫਤਾਰ ਕੀਤਾ ਗਿਆ ਸੀਙ ਇਸ ਯੋਜਨਾ ਵਿੱਚ ਪੀੜਤਾਂ ਨੂੰ ਇਹ ਕਿਹਾ ਗਿਆ ਸੀ ਕਿ ਪੈਸੇ ਗਲਤੀ ਨਾਲ ਉਨਾਂ ਨੂੰ ਭੇਜ ਦਿੱਤੇ ਗਏ ਹਨ ਜੋ ਵਾਪਿਸ ਕਰਨੇ ਪੈਣਗੇਙ ਜੈਂਟਰੀ ਪੁਲਿਸ ਡਿਟੈਕਟਿਵ ਰਿਆਨ ਲੋਫਟਸ ਨੇ ਕਿਹਾ ਕਿ ਘੁਟਾਲੇਬਾਜ਼ ਅਕਸਰ ਪੀੜਤਾਂ 'ਤੇ ਦਬਾਅ ਪਾਉਂਦੇ ਸਨ ਕਿ ਜੇਕਰ ਪੈਸੇ ਵਾਪਸ ਨਾ ਕੀਤੇ ਤਾਂ ਉਹ ਆਪਣੀਆਂ ਨੌਕਰੀਆਂ ਗੁਆ ਸਕਦੇ ਹਨ।





SANJHA ਪੰਜਾਬ USA
SANJHA PUNJAB USA
PRESENTS
Sufi Sham
with
HANSRAJ HANS
LIVE IN USA
HANSRAJ HANS
USA TOUR
2026
SEPT 5TH, 2026 (SATURDAY) | AT 8:00 PM
The Space at Westburry
250 Post Ave, Westbury, NY 11590
BRING YOUR FAMILY & FRIENDS
DON'T MISS IT!
FOR MORE INFO:
S. Balwinder S. Bajwa | +1 (516) 852-2222

# RED CHILLI INDIAN
# FOOD TRUCK

ਹਰ ਤਰ੍ਹਾਂ ਦੇ ਇੰਡੀਅਨ **STARTERS** ਤੇ **MAIN COURSE**

VEG | NON -VEG ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ

**BOOK US FOR**


WEDDINGS


BIRTHDAY PARTIES


CORPORATE EVENTS


BACKYARD PARTIES

# RED CHILLI INDIAN
# FOOD TRUCK

ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ








ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ

DELIVERY Available



Call TO Order : (209) 216-8169

A Kaur 2340 Lander Ave Turlock, CA 95280

Gillson TRUCKING INC

# NOW HIRING
## TRUCK DRIVERS CLASS A CDL



- ✓Signing Bonus
- ✓Top pay
- ✓Mileage Pay
- ✓Great Benefits
- ✓Over the Road or Local Routes
- ✓Reefers and Dry Van Operations
- ✓No touch freight



### SKILLS
- ✓ Responsible truck driver.
- ✓ Experience with electronic equipment.
- ✓ Ability to travel regularly.
- ✓ Adaptivity and foresight to handle unexpected situations (traffic, weather conditions and roads, etc.)

### RESPONSIBILITIES
- ✓ Safely operating assigned vehicles.
- ✓ The Vehicles are maintained and serviced as needed.
- ✓ Report any vehicle defects for repair.
- ✓ Make safety a priority at all times.
- ✓ Comply with standard federal laws and with company. policies and procedures.

### PAY
- ✓ Average pay: $0.45-$0.60 cents/mile
- ✓ Weekly direct deposits
- ✓ Bonuses for clean inspections
- ✓ High mileage bonuses

### NEWER EQUIPMENT
FREIGHTLINER AND VOLVO 2020 AND PRESENT
RESET PAY AWAY FROM TERMINALS– STOCKTON,. CA AND DAYTON, OHIO

Flexible Home Time | Pet Friendly | Rider Policy

SCAN QR CODE FOR APPLY NOW

HEALTH BENEFITS: Health | Dental | Vision

1801 E Dr. Martin Luther King Jr. Blvd.
Stockton, CA 95205

925-400-9094 ext. 116, ext. 130 and ext. 144

info@teamgillson.com



GET IN TOUCH gillsontrucking company/gillsontrucking www.teamgillson.com

# ਰੱਖੜ ਪੁੰਨਿਆਂ ਮੌਕੇ ਰਈਆ ਵਿਖੇ ਹੋਣ ਵਾਲੇ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਮੁਕੰਮਲ

## ਮੁੱਖਮੰਤਰੀ ਭਗਵੰਤ ਸਿੰਘ ਮਾਨ ਸਮੇਤ ਪੰਜਾਬ ਵਜ਼ਾਰਤ ਦੇ ਮੰਤਰੀ ਭਰਨਗੇ ਹਾਜ਼ਰੀ

ਰਈਆ
ਡਾ.ਰਜਿੰਦਰ ਰਿਖੀ

ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਨਗਰ ਰਈਆ ਦੀ ਦਾਣਾ ਮੰਡੀ ਵਿਖੇ 28 ਅਗਸਤ ਨੂੰ ਰੱਖੜ ਪੁੰਨਿਆਂ ਦੇ ਪਾਵਨ ਤਿਉਹਾਰ ਨੂੰ ਸਮਰਪਿਤ ਕਰਵਾਏ ਜਾ ਰਹੇ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਸਮਾਗਮ ਵਿੱਚ ਪੰਜਾਬ ਦੇ ਮੁੱਖ ਮੰਤਰੀ .ਭਗਵੰਤ ਸਿੰਘ ਮਾਨ ਸਮੇਤ ਪੰਜਾਬ ਵਜ਼ਾਰਤ ਦੇ ਮੰਤਰੀ ਹਾਜ਼ਰੀ ਭਰਨਗੇ। ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਦਲਬੀਰ ਸਿੰਘ ਟੌਂਗ, ਵਿਧਾਨ ਸਭਾ ਹਲਕਾ ਬਟਾਲਾ ਦੇ ਵਿਧਾਇਕ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਅਤੇ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਵੱਲੋਂ ਅੱਜ ਦਾਣਾ ਮੰਡੀ ਰਈਆ ਵਿਖੇ ਸਬੰਧਤ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ ਅਤੇ ਪ੍ਰਬੰਧਾਂ ਦੀ ਸਮੀਖਿਆ ਕੀਤੀ ਗਈ। ਇਸ ਮੌਕੇ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਕਿਹਾ ਕਿ ਦਾਣਾ ਮੰਡੀ ਰਈਆ ਵਿਖੇ ਰਾਜ ਪੱਧਰੀ ਸਮਾਗਮ ਲਈ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਉਨ੍ਹਾਂ ਕਿਹਾ ਕਿ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਦੇ ਪਹੁੰਚਣ ਦੀ ਸੰਭਾਵਨਾ ਹੈ ਅਤੇ ਸੰਗਤ ਦੀ ਸਹੂਲਤ ਤੇ ਸੁਰੱਖਿਆ ਨੂੰ ਮੁੱਖ ਰੱਖਦਿਆਂ ਪੁਖਤਾ ਪ੍ਰਬੰਧ ਯਕੀਨੀ ਬਣਾਏ ਗਏ ਹਨ।ਉਨ੍ਹਾਂ ਦੱਸਿਆ ਕਿ ਸੰਗਤ ਲਈ ਲੰਗਰ, ਪੀਣ ਵਾਲੇ ਸਾਫ਼ ਪਾਣੀ, ਛਾਂ, ਪੱਖਿਆਂ ਅਤੇ ਹੋਰ ਜ਼ਰੂਰੀ ਸਹੂਲਤਾਂ ਦਾ ਢੁਕਵਾਂ ਪ੍ਰਬੰਧ ਕੀਤਾ ਗਿਆ ਹੈ। ਇਸ ਦੇ ਨਾਲ ਹੀ ਦਾਣਾ ਮੰਡੀ ਦੀ ਸਫ਼ਾਈ, ਬਿਜਲੀ, ਪਾਣੀ, ਆਵਾਜਾਈ ਅਤੇ ਹੋਰ ਲੋੜੀਂਦੇ ਪ੍ਰਬੰਧ ਵੀ ਕੀਤੇ ਗਏ ਹਨ। ਉਨ੍ਹਾਂ ਇਲਾਕੇ ਦੀ ਸੰਗਤ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਰੱਖੜ ਪੁੰਨਿਆਂ ਨੂੰ ਸਮਰਪਿਤ ਰਾਜ ਪੱਧਰੀ ਸਮਾਗਮ ਵਿੱਚ ਸ਼ਾਮਲ ਹੋਣ।ਇਸ ਮੌਕੇ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਸਮਾਗਮ ਨਾਲ ਸਬੰਧਤ ਸਾਰੇ ਪ੍ਰਬੰਧ ਸਬੰਧਤ ਵਿਭਾਗਾਂ ਵੱਲੋਂ ਆਪਸੀ ਤਾਲਮੇਲ ਨਾਲ ਕੀਤੇ ਜਾਣ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਮਾਗਮ ਦੌਰਾਨ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਨਾ ਵਰਤੀ ਜਾਵੇ ਅਤੇ ਹਰੇਕ ਵਿਭਾਗ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਅਤੇ ਸੇਵਾ ਭਾਵਨਾ



ਨਾਲ ਨਿਭਾਏ, ਤਾਂ ਜੋ ਸੰਗਤ ਨੂੰ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।ਡਿਪਟੀ ਕਮਿਸ਼ਨਰ ਨੇ ਸਬੰਧਤ ਅਧਿਕਾਰੀਆਂ ਨੂੰ ਸੁਰੱਖਿਆ, ਆਵਾਜਾਈ, ਸਫ਼ਾਈ, ਬਿਜਲੀ, ਪੀਣ ਵਾਲੇ ਪਾਣੀ ਅਤੇ ਹੋਰ ਸਹੂਲਤਾਂ ਦੇ ਪ੍ਰਬੰਧਾਂ ਦੀ ਲਗਾਤਾਰ ਨਿਗਰਾਨੀ ਯਕੀਨੀ ਬਣਾਉਣ ਲਈ ਵੀ ਕਿਹਾ।

# ਬਦਲ ਜਾਣਗੇ ਇੰਸਟਾ ਅਤੇ ਫੇਸਬੁੱਕ ਦੇ ਨਿਯਮ?

## ਰਾਤ 12 ਤੋਂ ਸਵੇਰੇ 6 ਵਜੇ ਤੱਕ ਵਰਤੋਂ 'ਤੇ ਲੱਗੇਗੀ ਰੋਕ!

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਦੁਨੀਆ ਦੀਆਂ ਸਭ ਤੋਂ ਵੱਡੀਆਂ ਸੋਸ਼ਲ ਮੀਡੀਆ ਕੰਪਨੀਆਂ ਵਿੱਚੋਂ ਇੱਕ ਇਟਓ ਨੇ ਆਪਣੇ ਪਲੇਟਫਾਰਮਾਂ ਇੰਸਟਾਗ੍ਰਾਮ ਅਤੇ ਫੇਸਬੁੱਕ 'ਤੇ ਬੱਚਿਆਂ ਨੂੰ ਆਦੀ ਬਣਾਉਣ ਦੇ ਦੋਸ਼ਾਂ ਨੂੰ ਖ਼ਤਮ ਕਰਨ ਲਈ ਭਾਰੀ-ਭਰਕਮ ਜੁਰਮਾਨਾ ਅਤੇ ਮੁਆਵਜ਼ਾ ਦੇਣ 'ਤੇ ਸਹਿਮਤੀ ਜਤਾਈ ਹੈ।ਅਮਰੀਕੀ ਰਾਜਾਂ ਨੇ ਮੈਟਾ 'ਤੇ ਦੋਸ਼ ਲਗਾਇਆ ਸੀ ਕਿ ਉਸ ਨੇ ਜਾਣਬੁਝ ਕੇ ਆਪਣੇ ਫੀਚਰਾਂ ਨੂੰ ਇਸ ਤਰ੍ਹਾਂ ਡਿਜ਼ਾਈਨ ਕੀਤਾ ਹੈ, ਤਾਂ ਜੋ ਬੱਚਿਆਂ ਅਤੇ ਕਿਸ਼ੋਰਾਂ ਨੂੰ ਸੋਸ਼ਲ ਮੀਡੀਆ ਦੀ ਲਤ ਲੱਗ ਸਕੇ।ਦੱਸ ਦਈਏ ਕਿ ਅਮਰੀਕਾ ਵਿੱਚ ਬੱਚਿਆਂ ਅਤੇ ਕਿਸ਼ੋਰਾਂ ਦੀ ਸੁਰੱਖਿਆ ਨਾਲ ਜੁੜੇ ਇਸ ਵੱਡੇ ਮੁਕੱਦਮੇ ਨੂੰ ਖ਼ਤਮ ਕਰਨ ਲਈ ਹੁਣ ਸਮਝੌਤਾ ਕੀਤਾ ਗਿਆ ਹੈ। ਮੈਟਾ ਇਸ ਮਾਮਲੇ ਵਿੱਚ ਲਗਭਗ 17 ਅਰਬ ਡਾਲਰ ਦਾ ਭੁਗਤਾਨ ਕਰੇਗੀ ਅਤੇ ਬੱਚਿਆਂ ਲਈ ਆਪਣੇ ਐਪਸ ਵਿੱਚ ਕਈ ਵੱਡੇ ਬਦਲਾਅ ਕਰੇਗੀ। ਇਹਨਾਂ ਵਿੱਚ ਫੇਸਬੁੱਕ ਅਤੇ ਇੰਸਟਾਗ੍ਰਾਮ 'ਤੇ ਮਿਲਾ ਕੇ ਦਿਨ ਵਿੱਚ ਦੋ ਘੰਟੇ ਦੀ ਡਿਫਾਲਟ ਲਿਮਿਟ ਅਤੇ



ਰਾਤ 12 ਵਜੇ ਤੋਂ ਸਵੇਰੇ 6 ਵਜੇ ਤੱਕ ਵਰਤੋਂ 'ਤੇ ਰੋਕ ਸ਼ਾਮਲ ਹੈ।ਅਮਰੀਕਾ ਦੇ ਕਈ ਰਾਜਾਂ ਦੇ ਅਟਾਰਨੀ ਜਨਰਲ ਨੇ 2023 ਵਿੱਚ ਮੈਟਾ 'ਤੇ ਮੁਕੱਦਮਾ ਕੀਤਾ ਸੀ। ਦੋਸ਼ ਸੀ ਕਿ ਕੰਪਨੀ ਨੇ ਫੇਸਬੁੱਕ ਅਤੇ ਇੰਸਟਾਗ੍ਰਾਮ ਵਿੱਚ ਅਜਿਹੇ ਫੀਚਰ ਬਣਾਏ ਜਿਨ੍ਹਾਂ ਨਾਲ ਬੱਚਿਆਂ ਅਤੇ ਕਿਸ਼ੋਰਾਂ ਦੀ ਇਹਨਾਂ ਐਪਸ ਦੀ ਵਰਤੋਂ ਲੋੜ ਨਾਲੋਂ ਵੱਧ ਵਧਦੀ ਹੈ। ਰਾਜਾਂ ਦਾ ਕਹਿਣਾ ਸੀ ਕਿ ਇਸ ਨਾਲ ਬੱਚਿਆਂ ਦੀ ਮਾਨਸਿਕ ਅਤੇ ਸਰੀਰਕ ਸਿਹਤ 'ਤੇ ਨੁਕਸਾਨ ਹੋ ਸਕਦਾ ਹੈ। ਕੰਪਨੀ 'ਤੇ ਲੋਕਾਂ ਅਤੇ ਮਾਪਿਆਂ ਨੂੰ ਇਹਨਾਂ ਖਤਰਿਆਂ ਬਾਰੇ ਗੁਮਰਾਹ ਕਰਨ ਦਾ ਵੀ ਦੋਸ਼ ਲੱਗਾ।ਮਿਲੀ ਜਾਣਕਾਰੀ ਅਨੁਸਾਰ ਹੁਣ ਸਭ ਤੋਂ ਵੱਡਾ ਬਦਲਾਅ 18 ਸਾਲ ਤੋਂ ਘੱਟ ਉਮਰ ਦੇ ਯੂਜ਼ਰਸ ਲਈ ਹੋਵੇਗਾ। ਨਾਬਾਲਗਾਂ ਲਈ ਫੇਸਬੁੱਕ ਅਤੇ ਇੰਸਟਾਗ੍ਰਾਮ ਨੂੰ ਮਿਲਾ ਕੇ ਰੋਜ਼ਾਨਾ ਦੋ ਘੰਟੇ ਦੀ ਡਿਫਾਲਟ ਲਿਮਿਟ ਹੋਵੇਗੀ। ਇਸ ਨੂੰ ਹਟਾਉਣ ਲਈ ਮਾਪਿਆਂ ਦੀ ਇਜਾਜ਼ਤ ਜ਼ਰੂਰੀ ਹੋਵੇਗੀ। ਦੋਵਾਂ ਐਪਸ 'ਤੇ ਬਿਤਾਇਆ ਗਿਆ ਸਮਾਂ ਇਸੇ ਕੁੱਲ ਲਿਮਿਟ ਵਿੱਚ ਗਿਣਿਆ ਜਾਵੇਗਾ।

ਇਸ ਤੋਂ ਇਲਾਵਾ ਰਾਤ 12 ਵਜੇ ਤੋਂ ਸਵੇਰੇ 6 ਵਜੇ ਤੱਕ ਕਿਸ਼ੋਰ ਫੇਸਬੁੱਕ ਅਤੇ ਇੰਸਟਾਗ੍ਰਾਮ ਦੀ ਵਰਤੋਂ ਨਹੀਂ ਕਰ ਸਕਣਗੇ।ਸਵੇਰੇ 8 ਵਜੇ ਤੋਂ ਦੁਪਹਿਰ 3 ਵਜੇ ਤੱਕ ਡਿਫਾਲਟ ਰੂਪ ਵਿੱਚ ਨੋਟੀਫਿਕੇਸ਼ਨ ਮਿਊਟ ਰਹਿਣਗੇ। ਹਾਲਾਂਕਿ ਸਿੱਧੇ ਮੈਸੇਜ ਅਤੇ ਸੁਰੱਖਿਆ ਨਾਲ ਜੁੜੇ ਜ਼ਰੂਰੀ ਅਲਰਟ ਆਉਂਦੇ ਰਹਿਣਗੇ।

# ਖੇਡਾਂ ਵਤਨ ਪੰਜਾਬ ਦੀਆਂ-2026: ਤਰਨ ਤਾਰਨ 'ਚ 7 ਸਤੰਬਰ ਤੋਂ ਸ਼ੁਰੂ ਹੋਣਗੀਆਂ ਬਲਾਕ ਪੱਧਰੀ ਖੇਡਾਂ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਦੇ ਮੰਤਵ ਨਾਲ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਜ਼ਿਲ੍ਹੇ ਵਿੱਚ 7 ਸਤੰਬਰ ਤੋਂ ਵੱਖ-ਵੱਖ ਖੇਡਾਂ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ।ਇਸ ਸਬੰਧੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਆਦਿੱਤਿਆ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡਿਪਟੀ ਕਮਿਸ਼ਨਰ ਰਾਹੁਲ ਦੀ ਅਗਵਾਈ ਹੇਠ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਬਲਾਕ ਪੱਧਰੀ ਖੇਡ ਮੁਕਾਬਲੇ 7 ਸਤੰਬਰ ਤੋਂ 12 ਸਤੰਬਰ ਤੱਕ ਕਰਵਾਏ ਜਾਣਗੇ, ਜਿਨ੍ਹਾਂ ਵਿੱਚ ਐਥਲੈਟਿਕਸ, ਕਬੱਡੀ ਨੈਸ਼ਨਲ ਸਟਾਈਲ, ਕਬੱਡੀ ਸਰਕਲ ਸਟਾਈਲ, ਖੋ-ਖੋ, ਵਾਲੀਬਾਲ ਸਮੈਸ਼ਿੰਗ, ਫੁੱਟਬਾਲ ਅਤੇ ਟੈਨਿਸ ਬਾਲ ਕ੍ਰਿਕਟ ਦੇ ਮੁਕਾਬਲੇ ਹੋਣਗੇ।ਇਸੇ ਤਰ੍ਹਾਂ ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ 21 ਤੋਂ 30 ਸਤੰਬਰ ਤੱਕ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਦੌਰਾਨ ਐਥਲੈਟਿਕਸ, ਕਬੱਡੀ ਨੈਸ਼ਨਲ




ਸਟਾਈਲ, ਕਬੱਡੀ ਸਰਕਲ ਸਟਾਈਲ, ਖੋ-ਖੋ, ਵਾਲੀਬਾਲ ਸਮੈਸ਼ਿੰਗ, ਫੁੱਟਬਾਲ, ਟੈਨਿਸ ਬਾਲ ਕ੍ਰਿਕਟ, ਬੈਡਮਿੰਟਨ ਕਿੱਕ ਬਾਕਸਿੰਗ, ਰੋਲਰ ਸਕੇਟਿੰਗ ਅਤੇ ਸ਼ੂਟਿੰਗ ਆਦਿ ਦੇ ਮੁਕਾਬਲੇ ਹੋਣਗੇ।ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਵੱਖ-ਵੱਖ ਉਮਰ ਵਰਗਾਂ ਦੇ ਖਿਡਾਰੀ ਭਾਗ ਲੈ ਸਕਦੇ ਹਨ, ਜਿਸ ਦੇ ਲਈ ਵਿਭਾਗ ਦੇ ਪੋਰਟਲ ਹਟਟਪਸ://ਸਪੋਰਟਸ.ਪੁਨਜਉਬ.ਗੋਵ.ਨ/ਲੋਗਿਨ 'ਤੇ ਰਜਿਸਟ੍ਰੇਸ਼ਨ ਕੀਤੀ ਜਾ ਸਕਦੀ ਹੈ। ਇਸ ਤੋਂ ਇਲਾਵਾ ਖੇਡਾਂ ਦੌਰਾਨ ਮੌਕੇ 'ਤੇ ਵੀ ਰਜਿਸਟ੍ਰੇਸ਼ਨ ਕਰਵਾਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਖੇਡ ਦਫ਼ਤਰ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ।ਡਾ. ਆਦਿੱਤਿਆ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ, ਉਨ੍ਹਾਂ ਦਾ ਰੁਝਾਨ ਖੇਡਾਂ ਵੱਲ ਕਰਨ ਅਤੇ ਖੇਡਾਂ ਦੇ ਵਿਕਾਸ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਜ਼ਿਲ੍ਹਾ ਵਾਸੀਆਂ ਅਤੇ ਖਿਡਾਰੀਆਂ ਨੂੰ ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਦੀ ਅਪੀਲ ਕੀਤੀ।ਉਨ੍ਹਾਂ ਖੇਡ ਸੰਸਥਾਵਾਂ, ਕੋਚਾਂ ਅਤੇ ਅਧਿਆਪਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਵੱਧ ਤੋਂ ਵੱਧ ਖਿਡਾਰੀਆਂ ਨੂੰ ਰਜਿਸਟ੍ਰੇਸ਼ਨ ਲਈ ਉਤਸ਼ਾਹਿਤ ਕੀਤਾ ਜਾਵੇ ਤਾਂ ਜੋ ਜ਼ਿਲ੍ਹਾ ਤਰਨ ਤਾਰਨ ਦੇ ਖਿਡਾਰੀ ਇਨ੍ਹਾਂ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਜ਼ਿਲ੍ਹੇ ਅਤੇ ਪੰਜਾਬ ਦਾ ਨਾਮ ਹੋਰ ਰੋਸ਼ਨ ਕਰ ਸਕਣ।

*In Loving Memory of*

# Ajit Singh Dosanjh



October 7, 1941 - August 19, 2026

**Funeral service:**

August 29, 2026 | at 9:00-11:00am

**247 North Broadway Turlock, CA 95380**

Sri Sehej Path Bhog & Antim Ardaas at Sikh Temple

**1391 5th St, Turlock CA 95380**

Contact Ajmer Singh Dosanjh:

(209) 216-7763


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307

WE HAVE THE CHEAPEST FARES TO INDIA

# LEGEND TRAVEL



arc accredited agency

CST # 207524-40

Special Fares To India From West-coast (us) On Air India Direct Flights




JATINDER SINGH

LOWEST AIRFARES FROM USA TO INDIA

★Travel Insurance ★ Great last Minute Deals ★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US **(510) 797-9010**

USA OFFICE: 2450 PERALTA BLVD., STE 106-108, FREMONT CA 94536 PH.: 510-797-9010

Website: www.legendamerica.net

Emirates | CATHAY PACIFIC | ASIANA AIRLINES | JET AIRWAYS | CHINA AIRLINES | BRITISH AIRWAYS | SINGAPORE AIRLINES | Lufthansa | ANA

# ਨੇਪਾਲ 'ਚ ਹੜ੍ਹਾਂ ਦਾ ਕਹਿਰ: 288 ਭਾਰਤੀ ਅਜੇ ਵੀ ਲਾਪਤਾ ਵਿਦੇਸ਼ ਮੰਤਰਾਲੇ ਨੇ ਸਾਂਝੀ ਕੀਤੀ ਅਹਿਮ ਜਾਣਕਾਰੀ

ਕਾਠਮਾਂਡੂ
ਸਾਂਝੀ ਸੋਚ ਬਿਊਰੋ

ਨੇਪਾਲ ਵਿੱਚ ਹੜ੍ਹਾਂ ਕਾਰਨ ਹੋਈ ਭਾਰੀ ਤਬਾਹੀ ਤੋਂ ਬਾਅਦ ਭਾਰਤ ਲਗਾਤਾਰ ਇਸ ‘ਤੇ ਨਜ਼ਰ ਬਣਾਏ ਹੋਏ ਹੈ। ਦਿੱਲੀ ਵਿੱਚ ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਤਾਜ਼ਾ ਹਾਲਾਤ ਦੀ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਭਾਰਤ ਦੇ ਪ੍ਰਧਾਨ ਮੰਤਰੀ ਨੇ ਕੱਲ੍ਹ ਨੇਪਾਲ ਦੇ ਪ੍ਰਧਾਨ ਮੰਤਰੀ ਨਾਲ ਗੱਲਬਾਤ ਕੀਤੀ ਅਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ, ਨੇਪਾਲ ਦੇ ਲੋਕਾਂ ਨਾਲ ਪੂਰੀ ਇੱਕਜੁੱਟਤਾ ਨਾਲ ਖੜ੍ਹਾ ਹੈ ਅਤੇ ਹਰ ਸੰਭਵ ਮਦਦ ਦੀ ਪੇਸ਼ਕਸ਼ ਵੀ ਕੀਤੀ।

ਵਿਦੇਸ਼ ਮੰਤਰਾਲੇ ਦੇ ਬੁਲਾਰੇ ਨੇ ਦੱਸਿਆ ਕਿ ਨੇਪਾਲ ਵਿੱਚ ਹੜ੍ਹਾਂ ਤੋਂ ਬਾਅਦ ਰਾਹਤ ਅਤੇ ਬਚਾਅ ਕਾਰਜ ਜਾਰੀ ਹਨ। ਕੁਝ ਲੋਕਾਂ ਨੂੰ ਰੈਸਕਿਊ ਕੀਤਾ ਗਿਆ ਹੈ। ਹਾਲਾਂਕਿ, ਅਜੇ ਵੀ 288 ਭਾਰਤੀ ਨਾਗਰਿਕਾਂ ਨਾਲ ਸੰਪਰਕ ਨਹੀਂ ਹੋ ਪਾ ਰਿਹਾ ਹੈ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਨੇ ਦੱਸਿਆ ਕਿ ਲਾਪਤਾ ਲੋਕਾਂ ਵਿੱਚ 73 ਭਾਰਤੀ ਨਾਗਰਿਕ ਸ਼ਾਮਲ ਹਨ ਜੋ ਤ੍ਰਿਸ਼ੂਲੀ-1 ਪਾਵਰ ਪ੍ਰੋਜੈਕਟ ਵਿੱਚ ਕੰਮ ਕਰ ਰਹੇ ਹਨ।



ਕਾਠਮਾਂਡੂ ਵਿੱਚ ਸਾਡਾ ਦੂਤਾਵਾਸ ਇਹਨਾਂ ਲੋਕਾਂ ਬਾਰੇ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਪ੍ਰੋਜੈਕਟ ਹੈੱਡ ਦੇ ਸੰਪਰਕ ਵਿੱਚ ਹੈ। ਨੇਪਾਲ ਵਿੱਚ ਹੜ੍ਹਾਂ ਦੀ ਸਥਿਤੀ ਨੂੰ ਦੇਖਦਿਆਂ ਵਿਦੇਸ਼ ਮੰਤਰਾਲੇ ਵਿੱਚ ਇੱਕ ਵਿਸ਼ੇਸ਼ ਕੰਟਰੋਲ ਰੂਮ ਬਣਾਇਆ ਗਿਆ ਹੈ। ਰਣਧੀਰ ਜੈਸਵਾਲ ਨੇ ਦੱਸਿਆ ਕਿ ਇਸ ਤੋਂ ਇਲਾਵਾ, ਤਮਿਲਨਾਡੂ ਦੇ ਨਾਗਰਿਕਾਂ ਦੇ ਦੋ ਵੱਖ-ਵੱਖ ਗਰੁੱਪ ਹਨ ਇੱਕ ਵਿੱਚ 37 ਅਤੇ ਦੂਜੇ ਵਿੱਚ 49 ਲੋਕ ਹਨ ਜਿਨ੍ਹਾਂ ਨੇ ਸਮਰਾਟ ਅਤੇ ਫਲਾਈ ਐਵਰੈਸਟ ਟ੍ਰੈਵਲਜ਼ ਰਾਹੀਂ ਕੈਲਾਸ਼ ਮਾਨਸਰੋਵਰ ਯਾਤਰਾ ਕੀਤੀ ਸੀ।

